
ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa
81980 95553

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਮੰਗਲਵਾਰ, 08 ਅਕਤੂਬਰ 2024
Email:- lokbani08@gmail.com

**ਅੱਜ ਦਾ ਸ਼ੁਭ ਵਿਚਾਰ**



ਜਦੋਂ ਮਨ ਖਰਾਬ ਹੋਵੇ ਤਾਂ ਬੁਰੇ ਸ਼ਬਦ ਨਾ ਬੋਲੋ, ਕਿਉਂਕਿ ਬਾਅਦ ਵਿੱਚ ਮਨ ਤਾਂ ਠੀਕ ਹੋ ਜਾਂਦਾ ਹੈ ਪਰ ਸ਼ਬਦ ਠੀਕ ਨਹੀਂ ਹੁੰਦੇ।

ਬਿੰਦੂ ਗਰਗ

ਰੋਜ਼ਾਨਾ ਲੋਕ ਬਾਣੀ
www.lokbani.com

R. N. I. Punpun/29016/2008 ✶ ਸਾਲ 16 , ✶ ਅੰਕ : 119, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111

ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa | 81980 95553

## ਹਿਜ਼ਬੁੱਲਾ ਨੇ ਇਜ਼ਰਾਈਲ ਤੇ ਕੀਤਾ ਮਿਜ਼ਾਈਲ ਹਮਲਾ




**ਤੇਲ ਅਵੀਵ ਲੋਕ ਬਾਣੀ-** ਸੋਮਵਾਰ ਨੂੰ ਇਜ਼ਰਾਈਲ ਤੇ ਪਿਛਲੇ ਇਕ ਹਫਤੇ ਚ ਦੂਜਾ ਸਭ ਤੋਂ ਵੱਡਾ ਹਮਲਾ ਹੋਇਆ। ਇਸ ਵਾਰ ਲਿਬਨਾਨ ਤੋਂ ਹਿਜ਼ਬੁੱਲਾ ਨੇ ਇਜ਼ਰਾਈਲ ਦੇ ਹਾਇਫਾ ਇਲਾਕੇ ਚ ਘੱਟੋ-ਘੱਟ 135 ਫਾਦੀ-1 ਮਿਜ਼ਾਈਲਾਂ ਦਾਗੀਆਂ ਹਨ । ਹਾਇਫਾ ਇਜ਼ਰਾਈਲ ਦਾ ਤੀਜਾ ਸਭ ਤੋਂ ਵੱਡਾ ਸ਼ਹਿਰ ਹੈ। ਇਸ ਹਮਲੇ ਚ 10 ਤੋਂ ਵੱਧ ਲੋਕ ਜ਼ਖਮੀ ਹੋਏ ਹਨ। ਇਨ੍ਹਾਂ ਹਮਲਿਆਂ ਤੋਂ ਬਾਅਦ ਹਫੜਾ-ਦਫੜੀ ਮਚ ਗਈ। ਸਾਇਰਨ ਲਗਾਤਾਰ ਵੱਜਦੇ ਰਹੇ। ਇਸ ਦੌਰਾਨ ਲੋਕ ਬੰਬ ਸ਼ੈਲਟਰਾਂ ਵਿਚ ਲੁਕੇ ਹੋਏ ਦੇਖੇ ਗਏ।

9 ਅਕਤੂਬਰ 2024 ਦਿਨ ਬੁੱਧਵਾਰ ਨੂੰ
ਮਾਂ ਚਿੰਤਪੁਰਨੀ ਮੰਦਿਰ, ਨਿਊ ਹਰਦਿਆਲ ਨਗਰ, ਜਲੰਧਰ ਵਿਖੇ
18ਵਾਂ ਜਗਰਾਤਾ ਕਰਵਾਇਆ ਜਾ ਰਿਹਾ ਹੈ
ਜਗਰਾਤੇ ਵਿਚ ਪਹੁੰਚ ਰਹੇ ਪ੍ਰਸਿੱਧ ਟੀਵੀ ਕਲਾਕਾਰ
ਮਹੰਤ ਸੁਰਿੰਦਰ ਚਾਵਲਾ, ਬ੍ਰਿਜ ਵਾਸੀ
ਕਨ੍ਹਈਆ ਸੁਸ਼ਮਾ ਸ਼ਰਮਾ, ਅਨੁਸ਼ਕਾ ਸ਼ਰਮਾ,
ਪੰਡਿਤ ਕਾਨਹਾ
Live telecast
ਲੋਕ tv ਬਾਣੀ
ਵਿਸ਼ੇਸ਼ ਧੰਨਵਾਦ
ਰੋਜ਼ਾਨਾ ਲੋਕ ਬਾਣੀ ਅਖ਼ਬਾਰ ਜਲੰਧਰ
ਸੰਪਰਕ 9915594111, 9357210655, 9876959975, 9463850277, 8728825890, 6239555304

B.N REAL ESTATE
( ਪ੍ਰਾਪਰਟੀ ਡੀਲਰ )
ਐਗਰੀਕਲਚਰ ਲੈਂਡ ਖਰੀਦਣ ਅਤੇ ਵੇਚਣ ਲਈ ਸੰਪਰਕ ਕਰੋ |
91000-79-579 | 98141-92-632
Shop No 5,Adda Kapur Pind,Opp IndusInd Bank,Jalandhar.

## ਫਾਰੂਕ ਬੋਲੇ ਪੀਡੀਪੀ ਦੀ ਹਮਾਇਤ ਨਾਲ ਸਰਕਾਰ ਬਣਾਉਣ ਨਾਲ ਉਨ੍ਹਾਂ ਨੂੰ ਕੋਈ ਇਤਰਾਜ਼ ਨਹੀਂ

**ਜੰਮੂ ਕਸ਼ਮੀਰ ਲੋਕ ਬਾਣੀ--** ਵੋਟਾਂ ਦੀ ਗਿਣਤੀ ਤੋਂ ਪਹਿਲਾਂ ਨੈਸ਼ਨਲ ਕਾਨਫਰੰਸ ਦੇ ਪ੍ਰਧਾਨ ਫਾਰੂਕ ਅਬਦੁੱਲਾ ਨੇ ਅੱਜ ਕਿਹਾ ਕਿ ਜੇ ਕੇਂਦਰ ਸ਼ਾਸਿਤ ਪ੍ਰਦੇਸ਼ 'ਚ ਸਰਕਾਰ ਬਣਾਉਣ ਲਈ ਮਹਿਬੂਬਾ ਮੁਫ਼ਤੀ ਦੀ ਅਗਵਾਈ ਹੇਠਲੀ ਪੀਡੀਪੀ ਤੋਂ ਹਮਾਇਤ ਲੈਣ ਦੀ ਲੋੜ ਪਈ ਤਾਂ ਉਨ੍ਹਾਂ ਨੂੰ ਕੋਈ ਇਤਰਾਜ਼ ਨਹੀਂ ਹੈ। ਉਨ੍ਹਾਂ ਕਿਹਾ ਕਿ ਨੈਸ਼ਨਲ ਕਾਨਫਰੰਸ-ਕਾਂਗਰਸ ਗੱਠਜੋੜ ਆਜ਼ਾਦ ਉਮੀਦਵਾਰਾਂ ਤੋਂ ਵੀ ਹਮਾਇਤ ਲੈਣ ਤੋਂ ਨਹੀਂ ਝਿਜਕੇਗਾ।



ਉਨ੍ਹਾਂ ਜੰਮੂ ਕਸ਼ਮੀਰ ਵਿਧਾਨ ਸਭਾ 'ਚ ਪੰਜ ਰਾਖਵੀਆਂ ਸੀਟਾਂ 'ਤੇ ਮੈਂਬਰ ਨਾਮਜ਼ਦ ਕਰਨ ਲਈ ਉਪ ਰਾਜਪਾਲ ਨੂੰ ਦਿੱਤੀ ਤਾਕਤ ਦੀ ਨਿਖੇਧੀ ਕਰਦਿਆਂ ਕਿਹਾ ਕਿ ਜੇ ਭਾਜਪਾ ਦੀ ਅਗਵਾਈ ਹੇਠਲੀ ਕੇਂਦਰ ਸਰਕਾਰ ਨੇ ਇਹ ਫ਼ੈਸਲਾ ਲਾਗੂ ਕੀਤਾ ਤਾਂ ਉਨ੍ਹਾਂ ਦੀ ਪਾਰਟੀ ਸੁਪਰੀਮ ਕੋਰਟ ਦਾ ਰੁਖ਼ ਕਰੇਗੀ। ਮੁੱਖ ਮੰਤਰੀ ਅਹੁਦੇ ਦੀ ਦੌੜ 'ਚੋਂ ਆਪਣੇ ਆਪ ਨੂੰ ਬਾਹਰ ਕਰਦਿਆਂ ਫਾਰੂਕ ਨੇ ਕਿਹਾ ਕਿ ਜੰਮੂ ਕਸ਼ਮੀਰ ਦੇ ਸੂਬੇ ਦਾ ਦਰਜਾ ਤੁਰੰਤ ਬਹਾਲ ਹੋਣਾ ਚਾਹੀਦਾ ਹੈ ਤਾਂ ਜੋ ਨਵੀਂ ਬਣਨ ਵਾਲੀ ਸਰਕਾਰ ਕੋਲ ਲੋਕਾਂ ਦੀਆਂ ਸਮੱਸਿਆਵਾਂ ਹਲ ਕਰਨ ਦੀ ਤਾਕਤ ਹੋਵੇ।

## ਭਾਰਤ ਚੀਨ ਸਰਹੱਦ ਤੇ ਦੇਖੀਂ ਗਈ ਚੀਨੀ ਡਰੋਨਾਂ ਦੀ ਹਰਚਲ

**ਸ਼ਿਮਲਾ ਵਿਨੋਦ ਸ਼ਰਮਾ--**ਹਿਮਾਚਲ ਪ੍ਰਦੇਸ਼ ਦੇ ਕਿਨੌਰ ਜ਼ਿਲ੍ਹੇ ਵਿੱਚ ਭਾਰਤ-ਚੀਨ ਸਰਹੱਦ ਦੇ ਨਾਲ ਡਰੋਨ ਦੇਖੇ ਗਏ ਹਨ। ਇਸ ਸਬੰਧੀ ਸੂਬੇ ਦੇ ਮੰਤਰੀ ਜਗਤ ਸਿੰਘ ਨੇਗੀ ਨੇ ਕਿਹਾ ਕਿ ਇਨ੍ਹਾਂ ਦੀ ਵਰਤੋਂ ਨਿਗਰਾਨੀ ਅਤੇ ਜਾਸੂਸੀ ਦੇ ਉਦੇਸ਼ਾਂ ਲਈ ਕੀਤੀ ਜਾ ਰਹੀ ਹੈ। ਪੀਟੀਆਈ ਨਾਲ ਗੱਲਬਾਤ ਕਰਦਿਆਂ ਨੇਗੀ ਨੇ ਕਿਹਾ ਕਿ ਜ਼ਿਲ੍ਹੇ ਦੇ ਪੂ ਬਲਾਕ ਦੇ ਸ਼ਿਪਕੀ ਲਾ ਅਤੇ ਰਿਸ਼ੀ ਡੋਗਰੀ ਪਿੰਡਾਂ ਵਿੱਚ ਡਰੋਨ ਗਤੀਵਿਧੀ ਦੇਖੀ ਗਈ ਹੈ। ਕਿਨੌਰ ਵਿਧਾਨ ਸਭਾ ਹਲਕੇ ਦੇ



ਵਿਧਾਇਕ ਨੇਗੀ ਨੇ ਕਿਹਾ ਕਿ ਪਿਛਲੇ ਹਫ਼ਤੇ ਸਰਹੱਦੀ ਖੇਤਰ ਦੇ ਨੇੜੇ ਅਕਸਰ ਉੱਡਦੇ ਕਈ ਡਰੋਨ ਦੇਖੇ ਗਏ ਹਨ ਅਤੇ ਕਈ ਲੋਕਾਂ ਨੇ ਮੈਨੂੰ ਅਜਿਹੇ ਦ੍ਰਿਸ਼ਾਂ ਬਾਰੇ ਸੂਚਿਤ ਕੀਤਾ ਹੈ।

## ਬੀਐਸਐਨਐਲ ਤੋਂ ਨਾ ਖ਼ੁਸ਼ ਹਨ ਗ੍ਰਾਹਕ ਤੇ ਵੱਡੇ ਰਾਜਨੇਤਾ


**ਦਿੱਲੀ, ਲੋਕ ਬਾਣੀ--**ਸੰਸਦ ਦੀ ਇਕ ਕਮੇਟੀ ਨੇ ਸਰਕਾਰੀ ਮਾਲਕੀ ਵਾਲੇ ਭਾਰਤੀ ਸੰਚਾਰ ਨਿਗਮ ਲਿਮਿਟਡ (ਬੀਐੱਸਐੱਨਐੱਲ) ਦੀ ਸੇਵਾ ਦੀ ਗੁਣਵੱਤਾ ਅਤੇ ਗਾਹਕਾਂ ਵਿੱਚ ਘੱਟਦੇ ਆਧਾਰ ਨੂੰ ਲੈ ਕੇ ਅੱਜ ਨਾਖੁਸ਼ੀ ਜ਼ਾਹਿਰ ਕੀਤੀ। ਸੂਤਰਾਂ ਨੇ ਦੱਸਿਆ ਕਿ ਕਮੇਟੀ ਨੇ ਕੁਝ ਸੰਸਦ ਮੈਂਬਰਾਂ ਨੂੰ ਉਨ੍ਹਾਂ ਦੇ ਮੋਬਾਈਲ ਫੋਨਾਂ 'ਤੇ ਮਿਲਣ ਵਾਲੀ ਖ਼ਰਾਬ ਸੇਵਾ ਦਾ ਉਦਾਹਰਨ ਦਿੰਦੇ ਹੋਏ




ਨਾਰਾਜ਼ਗੀ ਜ਼ਾਹਿਰ ਕੀਤੀ। ਭਾਜਪਾ ਦੇ ਸੰਸਦ ਮੈਂਬਰ ਸੰਜੇ ਜੈਸਵਾਲ ਦੀ ਪ੍ਰਧਾਨਗੀ ਵਾਲੀ ਅਨੁਮਾਨ ਕਮੇਟੀ ਨੂੰ ਅਧਿਕਾਰੀਆਂ ਨੇ ਅਗਲੇ ਛੇ ਮਹੀਨਿਆਂ ਵਿੱਚ ਬਿਹਤਰ ਸੇਵਾਵਾਂ ਮੁਹੱਈਆ ਕਰਨ ਦਾ ਭਰੋਸਾ ਦਿੱਤਾ ਹੈ।

## ਭਾਰਤ ਪਾਕਿਸਤਾਨ ਸਰਹੱਦ ਤੇ ਨਹੀਂ ਰੁੱਕ ਰਿਹਾ ਨਸ਼ਾ ਅੱਜ ਫੇਰ ਹੈਰੋਇਨ ਬਰਾਮਦ

**ਅੰਮ੍ਰਿਤਸਰ, ਲੋਕ ਬਾਣੀ---** ਪਾਕਿਸਤਾਨੀ ਤਸਕਰਾਂ ਵਲੋਂ ਅੱਜ ਅਟਾਰੀ ਸਰਹੱਦ ਦੇ ਖੇਤਰ ਅੰਦਰ ਸਾਹਮਣੇ ਪਾਕਿਸਤਾਨ ਵਾਲੇ ਪਾਸਿਓਂ ਭਾਰਤੀ ਖੇਤਰ ਅੰਦਰ ਸੁੱਟਿਆ ਇਕ ਪੈਕੇਟ ਹੈਰੋਇਨ ਦਾ ਬਰਾਮਦ ਹੋਇਆ ਹੈ 9 ਇਹ ਪੈਕੇਟ ਬੀ.ਐਸ.ਐਫ. ਦੀ ਟੁਕੜੀ ਵਲੋਂ ਅਟਾਰੀ ਸਰਹੱਦ ਦੇ



ਨਜ਼ਦੀਕ ਕੰਡਿਆਂ ਵਾਲੀ ਤਾਰ ਤੇ ਕੀਤੀ ਜਾ ਰਹੀ ਗਸ਼ਤ ਦੌਰਾਨ ਮਿਲਿਆ ਹੈ।

## ਜਲੰਧਰ ਚ ਵਿਅਕਤੀ ਨਾਲ ਹੋਈ ਕਰੋੜਾਂ ਦੀ ਠੱਗੀ

**ਜਲੰਧਰ, ਲੋਕ ਬਾਣੀ --**ਅਮਰੀਕਾ ਦੀ ਕੈਮੀਕਲ ਕੰਪਨੀ ਦਾ ਡਿਸਟ੍ਰੀਬਿਊਟਰ ਬਣਾਉਣ ਅਤੇ ਪੈਟਰੋਲ ਪੰਪ ਲੈ ਕੇ ਦੇਣ ਬਹਾਨੇ 5 ਕਰੋੜ ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਤਹਿਤ ਗੁੱਜਾਪੀਰ ਰੋਡ 'ਤੇ ਸਥਿਤ ਐੱਸ. ਐੱਸ. ਕੈਮੀਕਲ ਫੈਕਟਰੀ ਦੇ ਮਾਲਕ ਅਤੇ ਉਸ ਦੇ ਪਰਿਵਾਰਕ ਮੈਂਬਰਾਂ 'ਤੇ ਥਾਣਾ ਨੰ. 8 'ਚ ਪਰਚਾ ਦਰਜ ਹੋਇਆ ਹੈ। ਮੁਲਜ਼ਮਾਂ ਵਿਚ ਐੱਸ. ਐੱਸ. ਕੈਮੀਕਲ ਕੰਪਨੀ ਦੇ ਮਾਲਕ ਧਰੁਵ ਦੇਵ ਸ਼ਰਮਾ, ਉਸ ਦੇ ਭਰਾ, ਪੁੱਤਰਾਂ, ਭਤੀਜੇ, ਪਤਨੀ ਤੇ ਨੂੰਹ ਖ਼ਿਲਾਫ਼ ਧੋਖਾਧੜੀ ਦਾ ਨਾਂ ਸ਼ਾਮਲ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਅਮਿਤ ਜੈਨ ਪੁੱਤਰ ਸੋਮ ਪ੍ਰਕਾਸ਼




ਜੈਨ ਵਾਸੀ ਕ੍ਰਿਸ਼ਨਾ ਨਗਰ ਨੇ ਦੱਸਿਆ ਕਿ ਕੁਝ ਸਾਲ ਪਹਿਲਾਂ ਉਸ ਦੀ ਮੁਲਾਕਾਤ ਐੱਸ. ਐੱਸ. ਕੈਮੀਕਲ ਦੇ ਮਾਲਕ ਧਰੁਵ ਦੇਵ ਸ਼ਰਮਾ ਨਿਵਾਸੀ ਨਿਊ ਸ਼ੰਕਰ ਗਾਰਡਨ ਕਾਲੋਨੀ ਨਾਲ ਹੋਈ ਤੇ ਇੰਨਾ ਠੱਗਾਂ ਦੇ ਪਰਿਵਾਰ ਵਲੋਂ ਪੈਸੇ ਵਾਪਸ ਨਾ ਕਰਨ ਤੇ ਇਹ ਕਾਰਵਾਈ ਕੀਤੀ ਗਈ

## ਕੋਲ਼ੇ ਦੀ ਖਾਨ ਚ ਹੋਇਆ ਧਮਾਕਾ 6 ਲੋਕਾਂ ਦੀ ਹੋਈ ਮੌਤ

**ਕੋਲਕਾਤਾ ਲੋਕ ਬਾਣੀ** --ਪੱਛਮੀ ਬੰਗਾਲ ਦੇ ਬੀਰਭੂਮ ਜ਼ਿਲ੍ਹੇ ਵਿਚ ਇਕ ਕੋਲੇ ਦੀ ਖਾਨ ਵਿਚ ਇਕ ਟਰੱਕ ਵਿਚ ਰੱਖੇ ਵਿਸਫੋਟਕ ਦੇ ਧਮਾਕੇ ਵਿਚ ਘੱਟੋ-ਘੱਟ 6 ਲੋਕਾਂ ਦੀ ਮੌਤ ਹੋ ਗਈ ਅਤੇ ਤਿੰਨ ਜ਼ਖ਼ਮੀ ਹੋ ਗਏ। ਪੱਛਮੀ ਬੰਗਾਲ ਪਾਵਰ ਡਿਵੈਲਪਮੈਂਟ ਕਾਰਪੋਰੇਸ਼ਨ ਲਿਮਟਿਡ (ਡਬਲਯੂ.ਬੀ.ਪੀ.ਡੀ.ਸੀ. ਐਲ.) ਦੇ ਇਕ ਅਧਿਕਾਰੀ ਨੇ ਦੱਸਿਆ ਕਿ ਇਹ ਧਮਾਕਾ ਉਦੋਂ ਹੋਇਆ ਜਦੋਂ ਗੰਗਾਰਾਮਚਕ ਅਤੇ



ਗੰਗਾਰਾਮਚਕ-ਭਾਦੁਲੀਆ ਕੋਲਾ ਖਾਣਾਂ ਵਿਚ ਯੋਜਨਾਬੱਧ ਧਮਾਕਿਆਂ ਲਈ ਟਰੱਕ ਵਿਚ ਡੈਟੋਨੇਟਰ ਲਿਜਾਏ ਜਾ ਰਹੇ ਸਨ।

ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਪਟਿਆਲਾ ਪੁਲਿਸ ਵੱਲੋਂ ਫਿਰੋਤੀਆਂ ਤੇ ਲੁੱਟਾਂਖੋਹਾਂ ਕਰਨ ਵਾਲੇ ਗੈਂਗ ਦੇ 5 ਮੁਲਜ਼ਮਾਂ ਨੂੰ ਗ੍ਰਿਫਤਾਰ, ਪਿਸਟਲ 32 ਬੋਰ, ਇਕ ਪਿਸਟਲ 30 ਬੋਰ ਸਮੇਤ 18 ਰੋਂਦ ਬਰਾਮਦ

ਪਟਿਆਲਾ-(ਲੋਕ ਬਾਣੀ) ਡਾ:ਨਾਨਕ ਸਿੰਘ, ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਿਸ, ਨੇ ਪ੍ਰੈਸ ਨੋਟ ਰਾਹੀਂ ਦੱਸਿਆਂ ਕਿ ਪਟਿਆਲਾ ਪੁਲਿਸ ਵੱਲੋਂ ਅਪਰਾਧਿਕ ਅਨਸਰਾਂ ਖਿਲਾਫ ਅਤੇ ਅਣਸੁਲਝੇ ਸੰਗੀਨ ਜੁਰਮਾਂ ਵਿੱਚ ਲੋੜੀਦੇ ਵਿਅਕਤੀਆਂ ਨੂੰ ਗ੍ਰਿਫਤਾਰ ਕਰਨ ਲਈ ਚਲਾਈ ਗਈ ਸਪੈਸਲ ਮੁਹਿੰਮ ਤਹਿਤ ਕਾਮਯਾਬੀ ਮਿਲੀ ਹੈ, ਜਿਸ ਵਿੱਚ ਸ੍ਰੀ ਯੁਗੇਸ ਸ਼ਰਮਾਂ PPS, SP (Inv) PTL, ਸ੍ਰੀ ਵੈਭਵ ਚੌਧਰੀ IPS, ASP ਡਿਟੈਕਟਿਵ ਪਟਿਆਲਾ ਦੀ ਅਗਵਾਈ ਵਿੱਚ ਇੰਸਪੈਕਟਰ ਸ਼ਮਿੰਦਰ ਸਿੰਘ ਇੰਚਾਰਜ ਸੀ.ਆਈ.ਏ ਪਟਿਆਲਾ ਦੀ ਟੀਮ ਵੱਲੋਂ ਅਪਰਾਧਿਕ ਗੈਂਗ ਦੇ 5 ਦੋਸੀਆਨ ਖਿਲਾਫ ਕਾਰਵਾਈ ਕਰਦੇ ਹੋਏ ਕਾਬੂ ਕੀਤਾ ਗਿਆ ਹੈ ਜਿੰਨ੍ਹਾ ਦਾ ਵੇਰਵਾ ਨਿਮਨਲਿਖਤ ਅਨੁਸਾਰ ਹੈ :-

1)ਗੁਰਸੇਵਕ ਸਿੰਘ ਉਰਫ ਸੇਵਕ ਸਿੰਘ ਉਰਫ ਬਿੱਜੂ ਪੁੱਤਰ ਮੱਖਣ ਸਿੰਘ ਵਾਸੀ ਪਿੰਡ ਖਿੱਲਣ ਜਿਲ੍ਹਾ ਮਾਨਸਾ,
2) ਸੰਦੀਪ ਸਿੰਘ ਉਰਫ ਸੁੱਖਾ ਪੁੱਤਰ ਸੰਭੂ ਸਿੰਘ ਵਾਸੀ ਗਲੀ ਨੰਬਰ 01 ਵਾਰਡ ਨੰਬਰ 13 ਗਰੀਨ ਪਾਰਕ ਕਲੋਨੀ ਜਿਲ੍ਹਾ ਸ੍ਰੀ ਮੁਕਤਸਰ
ਸਾਹਿਬ,
3) ਸੁਖਵੀਰ ਸਿੰਘ ਉਰਫ ਵਿਸ਼ਾਲ ਸਿੰਘ ਪੁੱਤਰ ਗੁਰਜੰਟ ਸਿੰਘ ਵਾਸੀ ਵਾਰਡ ਨੰਬਰ 17 ਮੁਹੱਲਾ ਬਾਬਾ ਜੀਵਨ ਸਿੰਘ ਧਰਮਸ਼ਾਲਾ ਮਾਨਸਾ
4) ਹਰਬੰਸ ਸਿੰਘ ਉਰਫ ਨਿਕੜੀ ਪੁੱਤਰ ਬੀਰਾ ਸਿੰਘ ਵਾਸੀ ਵਾਰਡ ਨੰਬਰ 17 ਨੇੜੇ ਡੂੰਮਾ ਵਾਲਾ ਗੁਰੂਦੁਆਰਾ ਸਾਹਿਬ ਮਾਨਸਾ
5) ਸੁਖਵਿੰਦਰ ਸਿੰਘ ਉਰਫ ਬੋਬੀ ਪੁੱਤਰ ਲੇਟ ਭੋਲਾ ਸਿੰਘ ਵਾਸੀ ਮੋੜ ਜਿਲ੍ਹਾ ਬਠਿੰਡਾ ਹਾਲ ਵਾਸੀ ਜਵਾਹਰਕੇ ਜਿਲ੍ਹਾ ਮਾਨਸਾ

ਬਰਾਮਦਗੀ :- ਉਪਰੋਕਤ ਦੋਸੀਆਨ ਨੂੰ ਮਿਤੀ 06.10.2024 ਨੂੰ ਨੇੜੇ ਪਿੰਡ ਬੁੱਟਾ ਸਿੰਘ ਵਾਲਾ ਸਨੌਰ (ਦੇਵੀਗੜ੍ਹ ਪਟਿਆਲਾ ਰੋਡ) ਤੋਂ ਗ੍ਰਿਫਤਾਰ ਕੀਤਾ ਗਿਆ ਹੈ। ਗ੍ਰਿਫਤਾਰੀ ਦੋਰਾਨ ਇੰਨ੍ਹਾ ਪਾਸੋਂ 3 ਪਿਸਟਲ ਸਮੇਤ 18 ਰੋਂਦ ਬਰਾਮਦ ਕੀਤੇ ਗਏ ਹਨ ਜਿੰਨਾ ਵਿੱਚ 2 ਦੋਸੀਆਨ ਗੁਰਸੇਵਕ ਸਿੰਘ ਉਰਫ ਸੇਵਕ ਸਿੰਘ ਉਰਫ ਬਿੱਜੂ ਅਤੇ ਸੰਦੀਪ ਸਿੰਘ ਉਰਫ ਸੁੱਖਾ ਜੋ ਕਿ ਪਾਤੜਾ ਫਾਇਰਿੰਗ ਕੇਸ (ਮ:ਨੰ: 180/2024 ਥਾਣਾ ਪਾਤੜਾ) ਵਿੱਚ ਵਾਟਿਡ ਸਨ ਅਤੇ ਗੁਰਸੇਵਕ ਸਿੰਘ ਉਰਫ ਸੇਵਕ ਸਿੰਘ ਉਰਫ ਬਿੱਜੂ ਪਾਸੋ ਬਰਾਮਦ ਹੋਇਆ 32 ਬੋਰ ਪਿਸਟਲ ਜੋ ਕਿ ਪਾਤੜਾ ਫਾਇਰਿੰਗ ਵਿੱਚ ਵਰਤਿਆਂ ਸੀ ਵੀ ਬਰਾਮਦ



ਹੋਇਆ ਹੈ। ਜੋ ਗ੍ਰਿਫਤਾਰ ਕੀਤੇ ਦੋਸੀਆਨ ਪੰਜਾਬ ਵਿੱਚ ਫਿਰੋਤੀ ਅਤੇ ਲੁੱਟਖੋਹ ਦੀਆਂ ਵਾਰਦਾਤਾਂ ਵਿੱਚ ਸਾਮਲ ਰਹੇ ਹਨ। ਗ੍ਰਿਫਤਾਰੀ ਅਤੇ ਬ੍ਰਾਮਦਗੀ ਬਾਰੇ ਜਾਣਕਾਰੀ :- ਐਸ.ਐਸ.ਪੀ. ਪਟਿਆਲਾ ਨੇ ਵਿਸਥਾਰ ਵਿੱਚ ਦੱਸਿਆ ਕਿ ਪਟਿਆਲਾ ਪੁਲਿਸ ਨੂੰ ਗੁਪਤ ਸੂਚਨਾ ਦੇ ਅਧਾਰ ਪਰ ਅਪਰਾਧਿਕ ਅਨਸਰ ਜਿੰਨ੍ਹਾ ਦੇ ਖਿਲਾਫ ਕਤਲ, ਨਸਾ ਤਸਕਰੀ ਅਤੇ ਲੁੱਟਖੋਹ ਆਦਿ ਦੇ ਮੁਕੱਦਮੇ ਦਰਜ ਹਨ ਅਤੇ ਇਹ ਪੰਜਾਬ ਦੇ ਵੱਖ ਵੱਖ ਥਾਵਾਂ ਤੇ ਫਿਰੋਤੀ ਅਤੇ ਲੁੱਟਖੋਹ ਦੀਆਂ ਵਾਰਦਾਤਾਂ ਵਿੱਚ ਸਾਮਲ ਹਨ ਜੋ ਇਹ ਸਾਰੇ ਅਪਰਾਧੀ ਆਪਸ ਵਿੱਚ ਰਲਕੇ ਪਟਿਆਲਾ ਤੇ ਇਸ ਦੇ ਆਸਪਾਸ ਕਿਸੇ ਵੱਡੀ ਲੁੱਟਖੋਹ ਦੀ ਵਾਰਦਾਤ ਨੂੰ ਅੰਜਾਮ ਦੇਣ ਦੀ ਤਾਂਕ ਵਿੱਚ ਸਨ। ਇਸ ਗਿਰੋਹ ਦੇ ਪਟਿਆਲਾ ਵਿੱਚ 04.10.2024 310(4), 310(5), 310(6),308(2), 308(5),351(2),313 ਬੀ.ਐਨ.ਐਸ-2023 ਅਤੇ 25 ਅਸਲਾ ਐਕਟ ਥਾਣਾ ਸਨੌਰ ਦਰਜ ਰਜਿਸਟਰ ਕਰਕੇ ਤਫਤੀਸ ਸੁਰੂ ਕੀਤੀ ਗਈ ਜਿੰਨ੍ਹਾ ਨੇ ਅੱਗੇ ਦੱਸਿਆ ਕਿ ਉਕਤ ਦੋਸੀਆਨ ਖਿਲਾਫ ਚਲਾਏ ਗਏ ਸਪੈਸਲ ਅਪਰੇਸਨ ਦੌਰਾਨ ਸੀ.ਆਈ.ਏ.ਪਟਿਆਲਾ ਦੀ ਟੀਮ ਵੱਲੋਂ ਮਿਤੀ 06.10.2024 ਨੂੰ 1) ਗੁਰਸੇਵਕ ਸਿੰਘ ਉਰਫ ਸੇਵਕ ਸਿੰਘ ਉਰਫ ਬਿੱਜੂ, 2) ਸੰਦੀਪ ਸਿੰਘ ਉਰਫ ਸੁੱਖਾ, 3) ਸੁਖਵੀਰ ਸਿੰਘ ਉਰਫ ਵਿਸ਼ਾਲ ਸਿੰਘ, 4) ਹਰਬੰਸ ਸਿੰਘ ਉਰਫ ਨਿਕੜੀ, 5) ਸੁਖਵਿੰਦਰ ਸਿੰਘ ਉਰਫ ਬੋਬੀ ਨੂੰ ਨੇੜੇ ਪਿੰਡ ਬੁੱਟਾ ਸਿੰਘ ਵਾਲਾ ਸਨੌਰ ਰੋਡ (ਨੇੜੇ ਦੇਵੀਗੜ੍ਹ ਪਟਿਆਲਾ ਰੋਡ) ਤੋਂ ਗ੍ਰਿਫਤਾਰ ਕੀਤਾ ਗਿਆ ਇਸੇ ਦੋਰਾਨ ਗੁਰਸੇਵਕ ਸਿੰਘ ਉਰਫ ਸੇਵਕ ਸਿੰਘ ਉਰਫ ਬਿੱਜੂ ਅਤੇ ਸੁਖਵਿੰਦਰ ਸਿੰਘ ਉਰਫ ਬੋਬੀ ਪਾਸੋਂ 2 ਪਿਸਟਲ .32 ਬੋਰ ਸਮੇਤ 12 ਰੋਂਦ ਅਤੇ ਸੰਦੀਪ ਸਿੰਘ ਉਰਫ ਸੁੱਖਾ ਪਾਸੋਂ ਇਕ ਪਿਸਟਲ .30 ਬੋਰ ਸਮੇਤ 6 ਰੋਂਦ ਬਰਾਮਦ ਕੀਤੇ ਗਏ ਹਨ। ਜਿੰਨ੍ਹਾ ਪਾਸੋਂ ਕੁਲ 3 ਪਿਸਟਲ ਬਰਾਮਦ ਹੋਏ ਹਨ। ਸੁਖਵੀਰ ਸਿੰਘ ਉਰਫ ਵਿਸਾਲ ਸਿੰਘ ਅਤੇ ਹਰਬੰਸ ਸਿੰਘ ਉਰਫ ਨਿਕੜੀ ਪਾਸੋਂ ਵੀ ਐਮੋਨੀਸਨ ਬਰਾਮਦ ਹੋਇਆ ਹੈ।

ਦੋਸੀਆਨ ਦਾ ਅਪਰਾਧਿਕ ਪਿਛੋਕੜ: ਐਸ.ਐਸ.ਪੀ. ਪਟਿਆਲਾ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਵਿਅਕਤੀਆਂ ਦਾ ਅਪਰਾਧਿਕ ਪਿਛੋਕੜ ਹੈ ਜਿਹਨਾ ਦੇ ਖਿਲਾਫ ਕਤਲ, ਇਰਾਦਾ, ਲੁੱਟਖੋਹ, ਸਨੈਚਿੰਗ ਆਦਿ ਮੁਕੱਦਮੇ ਦਰਜ ਹਨ ਜੋ ਹੁਣ ਪਿਛਲੇ ਕਾਫੀ ਸਮੇਂ ਤੋ ਪੰਜਾਬ ਵਿੱਚ ਕਈ ਫਿਰੋਤੀ ਦੀ ਵਾਰਦਾਤਾਂ ਵਿੱਚ ਵੀ ਸਾਮਲ ਚਲ ਰਹੇ ਸਨ। ਗੁਰਸੇਵਕ ਸਿੰਘ ਉਰਫ ਸੇਵਕ ਸਿੰਘ ਬਿੱਜੂ, ਸੰਦੀਪ ਸਿੰਘ ਉਰਫ ਸੁੱਖਾ, ਸੁਖਵੀਰ ਸਿੰਘ ਉਰਫ ਵਿਸਾਲ ਸਿੰਘ ਅਤੇ ਹਰਬੰਸ ਸਿੰਘ ਵੱਖ ਵੱਖ ਜੇਲਾਂ ਵਿੱਚ ਬਠਿੰਡਾ, ਸੰਗਰੂਰ, ਮਾਨਸਾ ਆਦਿ ਵਿੱਚ ਰਹੇ ਹਨ। ਜਿੰਨ੍ਹਾ ਦੀ ਜੇਲ ਅੰਦਰ ਹੀ ਆਪਸੀ ਜਾਣ ਪਹਿਚਾਣ ਹੋਈ ਹੈ। ਸੰਦੀਪ ਸਿੰਘ ਉਰਫ ਸੁੱਖਾ ਕਰੀਬ ਪੋਣੇ 2 ਸਾਲ ਨਸ਼ਾ ਤਸਕਰੀ ਦੇ ਕੇਸ ਵਿੱਚ ਵੱਖ-ਵੱਖ ਜੇਲਾਂ ਵਿੱਚ ਬੰਦ ਰਿਹਾ ਹੈ।

ਦੋਸੀਆਨ ਦੀ ਪੁੱਛਗਿੱਛ ਤੋ ਇਹ ਗੱਲ ਸਾਹਮਣੇ ਆਈ ਹੈ ਕਿ ਇਹ ਪੰਜਾਬ ਦੇ ਵੱਖ ਵੱਖ ਥਾਵਾ ਤੇ ਫਿਰੋਤੀਆਂ ਦੀ ਵੀ ਮੰਗ ਕਰ ਰਹੇ ਸਨ ਇਹਨਾ ਵੱਲੋਂ ਕੋਈ ਹੋਰ ਲੁੱਟਖੋਹ ਦੀਆਂ ਵਾਰਦਾਤਾਂ ਨੂੰ ਪਟਿਆਲਾ ਤੇ ਆਸਪਾਸ ਦੇ ਏਰੀਆਂ ਵਿੱਚ ਅੰਜਾਮ ਦੇਣਾ ਸੀ ਇੰਨਾ ਵੱਲੋਂ ਕੀਤੀਆਂ ਲੁੱਟਖੋਹ ਅਤੇ ਫਿਰੋਤੀ ਦੀਆਂ ਵਾਰਦਾਤਾਂ ਬਾਰੇ ਪੁਲਿਸ ਟੀਮ ਪੂਰੀ ਬਰੀਕੀ ਨਾਲ ਜਾਂਚ ਕਰ ਰਹੀ ਹੈ।ਇਨਾ ਦੋਸੀਆ ਦਾ ਪੁਲਿਸ ਰਿਮਾਡ ਹਾਸਲ ਕਰਕੇ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

# ਇਕ ਵਾਰਡ ਚ ਸਰਬਸੰਮਤੀ ਨਾ ਹੋਣ ਕਾਰਨ ਖ਼ੁਦ ਹੀ ਵੋਟਿੰਗ ਕਰਕੇ ਚੁਣਿਆ ਪੰਚ



ਮਾਨਸਾ (ਲੋਕ ਬਾਣੀ) ਮਾਨਸਾ ਜ਼ਿਲ੍ਹੇ ਦੇ ਪਿੰਡ ਦਰੀਆਂਪੁਰ ਦੇ ਲੋਕਾਂ ਵੱਲੋਂ ਇੱਕ ਨਿਵੇਕਲੀ ਪਹਿਲਕਦਮੀ ਕੀਤੀ ਗਈ ਹੈ। ਪੰਚਾਇਤ ਚੋਣਾਂ ਤੋਂ ਪਹਿਲਾਂ ਹੀ ਪਿੰਡ ਵਾਸੀਆਂ ਨੇ ਪਿੰਡ ਦੀ ਸਰਬਸੰਮਤੀ ਨਾਲ ਪੰਚਾਇਤ ਚੁਣ ਲਈ ਹੈ ਜਦੋਂ ਕਿ ਛੇ ਨੰਬਰ ਵਾਰਡ ਵਿੱਚ ਪੰਚ ਦੀ ਚੋਣ ਲਈ ਸਹਿਮਤੀ ਨਾ ਹੋਣ ਕਾਰਨ ਪਿੰਡ ਵਾਸੀਆਂ ਵੱਲੋਂ ਖੁਦ ਹੀ ਆਬਜ਼ਰਵਰ ਪੋਲਿੰਗ ਏਜੰਟ ਬਣ ਕੇ ਵੋਟਿੰਗ ਕਰਵਾ ਦਿੱਤੀ ਹੈ ਜਿਸ ਦੇ ਦੌਰਾਨ ਇੱਕ ਉਮੀਦਵਾਰ ਨੂੰ 57 ਅਤੇ ਦੂਸਰੇ ਨੂੰ 94 ਵੋਟਾਂ ਪੈਣ ਉਤੇ ਪੰਚ ਦੀ ਚੋਣ ਵੋਟਿੰਗ ਰਾਹੀਂ ਖੁਦ ਹੀ ਕਰ ਲਈ ਗਈ ਹੈ।

# ਚੇਅਰਮੈਨ ਚਰਨਜੀਤ ਸਿੰਘ ਅੱਕਾਂਵਾਲੀ ਅਤੇ ਸੁਖਵੀਰ ਸਿੰਘ ਨੇ ਕੀਤਾ ਸੱਤਵੀਂ ਨਾਈਟ ਦਾ ਉਦਘਾਟਨ

ਮਾਨਸਾ, 07 ਅਕਤੂਬਰ — (ਮਨੋਜ)

ਸ਼੍ਰੀ ਸੁਭਾਸ਼ ਡਰਾਮਾਟਿਕ ਕਲਬ ਦੀ ਸੁਨਿਹਰੀ ਸਟੇਜ਼ ਤੋਂ ਖੇਡੀ ਜਾ ਰਹੀ ਸ੍ਰੀ ਰਾਮ ਲੀਲਾ ਦੀ ਸੱਤਵੀਂ ਨਾਈਟ ਦਾ ਉਦਘਾਟਨ ਚੇਅਰਮੈਨ ਜਿ਼ਲ੍ਹਾ ਯੋਜਨਾ ਬੋਰਡ ਮਾਨਸਾ ਸ਼੍ਰੀ ਚਰਨਜੀਤ ਸਿੰਘ ਅੱਕਾਂਵਾਲੀ ਅਤੇ ਕੇ.ਐਸ. ਸੋਲਰ ਇਨਫਰਾ ਡਿਵੈਲਪਰਜ਼ ਅਤੇ ਮਹਿਫ਼ਲ ਹੋਟਲ ਸੁਖਵੀਰ ਸਿੰਘ ਵੱਲੋਂ ਕੀਤਾ ਗਿਆ ਅਤੇ ਆਰਤੀ ਦੀ ਰਸਮ ਡੈਵੀ ਗਰਗ ਅਤੇ ਵਰੁਣ ਕੁਮਾਰ ਫਲਾਈ ਵਿਜ਼ਨ ਕੰਨਸਲਟੈਂਟ ਵੱਲੋਂ ਅਦਾ ਕੀਤੀ ਗਈ। ਉਨ੍ਹਾਂ ਕਿਹਾ ਕਿ ਸ਼੍ਰੀ ਰਮਾਇਣ ਜੀ ਤੋਂ ਸਾਨੂੰ ਬਹੁਤ ਸਿੱਖਿਆਵਾਂ ਮਿਲਦੀਆਂ ਹਨ ਅਤੇ ਸਾਨੂੰ ਇਨ੍ਹਾਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਨਾ ਚਾਹੀਦਾ ਹੈ।ਉਨ੍ਹਾਂ ਸ਼੍ਰੀ ਰਾਮ ਲੀਲਾ ਜੀ ਦੇ ਮੰਚਨ ਲਈ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ। ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਮਾਨਸਾ ਸ਼੍ਰੀ ਗੁਰਪ੍ਰੀਤ ਸਿੰਘ ਭੁੱਚਰ ਸੀਨੀਅਰ, ਕਲੱਬ ਦੇ ਸੀਨੀਅਰ ਵਾਇਸ ਪ੍ਰਧਾਨ ਪ੍ਰੇਮ ਕੁਮਾਰ, ਵਾਇਸ ਪ੍ਰਧਾਨ ਸੁਰਿੰਦਰ ਨੰਗਲੀਆ, ਕੈਸ਼ੀਅਰ ਸ਼ੁਸੀਲ ਕੁਮਾਰ ਵਿੱਕੀ, ਸਟੇਜ—ਕਮ—ਪ੍ਰੈਸ ਸਕੱਤਰ ਬਲਜੀਤ ਸ਼ਰਮਾ, ਸਟੇਜ ਸਕੱਤਰ ਅਰੁਣ ਅਰੋੜਾ, ਬਨਵਾਰੀ ਲਾਲ ਬਜਾਜ ਅਤੇ ਨਵਜੋਤ ਬੱਬੀ ਰਾਜ ਕੁਮਾਰ ਰਾਜੀ, ਰਾਜੇਸ਼ ਪੂੜਾ, ਬੀਬਾ ਬਜਾਜ, ਜਗਨਨਾਥ ਕੋਕਲਾ, ਮਨੋਜ ਕੁਮਾਰ, ਰਾਜੀਵ ਕੁਮਾਰ ਮਾਨਾਂਵਾਲਾ, ਸਮਰ ਸ਼ਰਮਾ, ਰਾਜੂ ਬਾਵਾ, ਜੀਵਨ, ਸੰਦੀਸ਼, ਦੀਪਕ ਦੀਪੂ, ਇੰਦਰਜੀਤ ਮੌਜੂਦ ਸਨ।

ਇਸ ਤੋਂ ਪਹਿਲਾਂ ਕਲੱਬ ਦੇ ਚੇਅਰਮੈਨ ਸ਼੍ਰੀ ਅਸ਼ੋਕ ਗਰਗ, ਪ੍ਰਧਾਨ ਪ੍ਰਵੀਨ ਗੋਇਲ ਨੇ ਮੁੱਖ ਮਹਿਮਾਨ ਨੂੰ ਜੀ ਆਇਆ ਕਿਹਾ ਅਤੇ ਕਲੱਬ ਦੀ ਮਨੇਜਮੈਂਟ



ਵੱਲੋਂ ਮੁੱਖ ਮਹਿਮਾਨ ਨੂੰ ਇੱਕ ਯਾਦਗਰੀ ਚਿੰਨ ਦੇ ਕੇ ਸਨਮਾਨਿਤ ਕੀਤਾ।ਉਨ੍ਹਾਂ ਕਿਹਾ ਕਿ ਕਲੱਬ ਵੱਲੋਂ ਪੂਰੀ ਲਗਨ ਅਤੇ ਸ਼ਰਧਾ ਨਾਲ ਪਿਛਲੇ ਕਈ ਸਾਲਾਂ ਤੋਂ ਰਾਮਲੀਲਾ ਜੀ ਦਾ ਮੰਚਨ ਕੀਤਾ ਜਾਂਦਾ ਹੈ ਅਤੇ ਇਸ ਗੱਲ ਦਾ ਪੂਰਾ ਧਿਆਨ ਰੱਖਿਆ ਜਾਂਦਾ ਹੈ ਕਿ ਕਿਸੇ ਵੀ ਤਰ੍ਹਾਂ ਨਾਲ ਮੰਚਨ ਦੌਰਾਨ ਕੋਈ ਵੀ ਮਰਿਆਦਾ ਭੰਗ ਨਾ ਹੋਵੇ।ਉਨ੍ਹਾਂ ਸ਼੍ਰੀ ਰਾਮ ਚੰਦਰ ਜੀ ਦੀ ਲੀਲਾ ਦੇਖਣ ਆਉਣ ਵਾਲੇ ਦਰਸ਼ਕਾਂ ਦਾ ਦਿਲੋਂ ਧੰਨਵਾਦ ਕੀਤਾ।

ਕਲੱਬ ਦੇ ਡਾਇਰੈਕਟਰ ਪ੍ਰਵੀਨ ਸ਼ਰਮਾ ਟੋਨੀ, ਵਿਨੋਦ ਪਠਾਨ, ਮੁਕੇਸ਼ ਬਾਂਸਲ ਅਤੇ ਤਰਸੇਮ ਹੋਂਡਾ ਨੇ ਦੱਸਿਆ ਕਿ ਭਰਤ ਮਿਲਾਪ ਦੀ ਨਾਈਟ ਦਾ ਆਰੰਭ ਪ੍ਰਭੂ ਸ਼੍ਰੀ ਰਾਮ, ਮਾਤਾ ਸੀਤਾ ਜੀ ਅਤੇ ਲਕਸ਼ਮਣ ਜੀ ਦੀ ਆਰਤੀ ਕਰਕੇ ਕੀਤਾ ਗਿਆ। ਦ੍ਰਿਸ਼ਾਂ ਵਿੱਚ ਦਿਖਾਇਆ ਗਿਆ ਕਿ ਭਰਤ ਅਤੇ ਸਤਰੂਘਨ ਆਪਣੇ ਨਾਨਕੇ ਤੋਂ ਵਾਪਸ ਅਯੁੱਧਿਆ ਪਰਤਦੇ ਹਨ, ਉਨ੍ਹਾਂ ਨੂੰ ਸ਼ਹਿਰ ਦੇ ਬਜਾਰ ਸੁੰਨੇ—ਸੁੰਨੇ ਲੱਗਦੇ ਹਨ।ਭਰਤ ਤੇ ਸਤਰੂਘਨ ਦਾ ਮਹਿਲ ਵਿੱਚ ਜਾਣਾ, ਉਹਨਾਂ ਨੂੰ ਆਪਣੇ ਪਿਤਾ ਜੀ ਦੀ ਮੌਤ ਬਾਰੇ ਪਤਾ ਲੱਗਣਾ ਤੇ ਇਹ ਵੀ ਪਤਾ ਲੱਗਣਾ ਕਿ ਰਾਮ ਜੀ ਉਸ ਦੀ ਮਾਤਾ ਕੈਕਈ ਦੇ ਕਹਿਣ ਤੇ ਆਪਣੇ ਪਿਤਾ ਜੀ ਦੇ ਵਚਨਾਂ ਕਰਕੇ ਵਣ ਨੂੰ ਗਏ ਸਨ ਤਾਂ ਉਹ ਸਾਰਿਆ ਨੂੰ ਲੈ ਕੇ ਰਾਮ ਨੂੰ ਵਾਪਸ ਲੈ ਕੇ ਆਉਣ ਲਈ ਜਾਂਦੇ ਹਨ, ਚਿੱਤਰਕੂਟ ਵਿਖੇ ਭਗਵਾਨ ਸ਼੍ਰੀ ਰਾਮ ਤੇ ਭਰਤ ਜੀ ਦਾ ਮਿਲਾਪ ਅਤੇ ਭਰਤ ਜੀ ਦਾ ਰਾਮ ਨੂੰ ਅਯੁੱਧਿਆ ਪਰਤਣ ਲਈ ਬੇਨਤੀ ਕਰਨਾ ਤੇ ਰਾਮ ਜੀ ਦਾ ਕਹਿਣਾ ਕਿ ਜੋ ਪਿਤਾ ਜੀ ਦਾ ਵਚਨ ਹੈ, ਉਸ ਨੂੰ ਪੂਰਾ ਕਰਕੇ ਹੀ ਅਯੁੱਧਿਆ ਵਾਪਸ ਆਵਾਂਗੇ ਤਾਂ ਭਰਤ ਦਾ ਖੜਾਵਾ ਲੈ ਕੇ ਅਯੁੱਧਿਆ ਵਾਪਸ ਆ ਜਾਣਾ ਦੇਖਣ ਯੋਗ ਸੀ।ਇਨ੍ਹਾਂ ਦ੍ਰਿਸ਼ਾਂ ਨੇ ਭਾਵੁਕ ਮਾਹੌਲ ਪੈਦਾ ਕਰ ਕੇ ਦਰਸ਼ਕਾਂ ਦੀਆਂ ਅੱਖਰਾਂ ਵਿੱਚ ਅੱਥਰੂ ਲਿਆ ਦਿੱਤੇ।

ਐਕਟਰ ਬਾਡੀ ਦੇ ਪ੍ਰਧਾਨ ਵਰੁਣ ਬਾਂਸਲ ਵੀਨੂੰ ਨੇ ਦੱਸਿਆ ਕਿ ਭਗਵਾਨ ਰਾਮ ਦੀ ਭੂਮਿਕਾ ਵਿੱਚ ਵਿਪਨ ਅਰੋੜਾ, ਮਾਤਾ ਸੀਤਾ ਡਾ. ਵਿਕਾਸ ਸ਼ਰਮਾ, ਲਕਸ਼ਮਣ ਸੋਨੂੰ ਰੱਲਾ, ਭਰਤ ਕੇ.ਸੀ. ਸ਼ਰਮਾ (ਡਾਇਰੈਕਟਰ) ਅਤੇ ਸਤਰੂਘਨ ਗਗਨ ਜਿੰਦਲ, ਗੁਰੂ ਵਸਿ਼ਸ਼ਟ ਮਨੋਜ ਅਰੋੜਾ, ਕੁਸੱਲਿਆ ਦੀ ਭੂਮਿਕਾ ਜੁਨੈਦ, ਕੈਕਈ ਵਿਜੈ ਸ਼ਰਮਾ, ਸੁਮਿੱਤਰਾ ਯਸ਼ ਅਤੇ ਮੰਤਰੀ ਅਮਰੀਸ਼ ਜੋਨੀ ਨੇ ਆਪਣੇ ਰੋਲ ਬਾਖ਼ੂਬੀ ਨਿਭਾਏ।

ਰੋਜ਼ਾਨਾ ਲੋਕ ਬਾਣੀ
www.lokbani

# ਪੁਲਿਸ ਮੁਲਾਜ਼ਮਾਂ ਨੂੰ ਬੰਧਕ ਬਣਾਉਣ ਦੀ ਕੋਸ਼ਿਸ਼, ਗੋਲੀਬਾਰੀ ਚ 5 ਜ਼ਖ਼ਮੀ




ਫਿਰੋਜ਼ਪੁਰ (ਲੋਕ ਬਾਣੀ) ਫਿਰੋਜ਼ਪੁਰ ਦੇ ਥਾਣਾ ਆਰਿਫਕੇ ਦੇ ਪੁਲਿਸ ਮੁਲਾਜ਼ਮਾਂ ਨੂੰ ਲੋਕਾਂ ਵੱਲੋਂ ਬੰਧਕ ਬਣਾਉਣ ਦੀ ਕੋਸ਼ਿਸ਼ ਕੀਤੀ ਗਈ ਅਤੇ ਪੁਲਿਸ ਦੀ ਗੱਡੀ ਦੀ ਖਿੜਕੀ ਤੋੜ ਦਿੱਤੀ ਗਈ, ਜਿਸ ਵਿੱਚ ਤਿੰਨ ਨਾਗਰਿਕ ਅਤੇ ਦੋ ਪੁਲਿਸ ਮੁਲਾਜ਼ਮ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਵੱਖ-ਵੱਖ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ ਹੈ ਅਤੇ ਸਾਰੇ ਬਾਹਰ ਹਨ।

ਐਸਪੀ ਇਨਵੈਸਟੀਗੇਸ਼ਨ ਫਿਰੋਜ਼ਪੁਰ ਰਣਧੀਰ ਕੁਮਾਰ ਨੇ ਦੱਸਿਆ ਕਿ ਥਾਣਾ ਆਰਿਫਕੇ ਦੀ ਪੁਲਿਸ ਦੇਰ ਰਾਤ ਸ਼ੱਕੀ ਵਾਹਨਾਂ ਅਤੇ ਵਿਅਕਤੀਆਂ ਦੀ ਚੈਕਿੰਗ ਕਰ ਰਹੀ ਸੀ, ਜਿਸ ਵਿੱਚ ਕੁਝ ਵਿਅਕਤੀਆਂ ਦੇ ਸੱਟਾਂ ਲੱਗੀਆਂ ਅਤੇ ਮੋਟਰਸਾਈਕਲ ਸਵਾਰਾਂ ਨੇ ਜ਼ਿਆਦਾ ਸ਼ਰਾਬ ਪੀਤੀ ਹੋਈ ਸੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਜਦੋਂ ਥਾਣਾ ਆਰਿਫਕੇ ਦੇ ਐਸ.ਐਚ.ਓ ਅਤੇ ਉਨ੍ਹਾਂ ਦੀ ਪੁਲਿਸ ਪਾਰਟੀ ਮੌਕੇ ਤੇ ਪੁੱਜੇ ਤਾਂ ਉਨ੍ਹਾਂ ਨੂੰ ਪਤਾ ਲੱਗਾ ਕਿ ਜ਼ਖਮੀ ਵਿਅਕਤੀ ਘਰ ਨਹੀਂ ਗਿਆ ਸੀ । ਜਦੋਂ ਪੁਲਿਸ ਪਾਰਟੀ ਨੇ ਪਿੰਡ ਵਿੱਚ ਪਹੁੰਚ ਕੇ ਮੋਟਰਸਾਈਕਲ ਸਵਾਰਾਂ ਨੂੰ ਪੁੱਛਿਆ ਤਾਂ ਆਸ-ਪਾਸ ਦੇ ਲੋਕਾਂ ਦੀ ਭੀੜ ਇਕੱਠੀ ਹੋ ਗਈ ਅਤੇ ਪੁਲਿਸ ਦੀ ਕਾਰ ਦੀ ਭੰਨ ਤੋੜ ਕੀਤੀ ਅਤੇ ਪੁਲੀਸ ਮੁਲਾਜ਼ਮਾਂ ਨੂੰ ਬੰਧਕ ਬਣਾਉਣ ਦੀ ਕੋਸ਼ਿਸ਼ ਕੀਤੀ। ਆਪਣੀ ਜਾਨ ਬਚਾਉਣ ਲਈ ਹਵਾਈ ਫਾਇਰਿੰਗ ਵਿੱਚ ਤਿੰਨ ਨਾਗਰਿਕ ਅਤੇ ਦੋ ਪੁਲਿਸ ਮੁਲਾਜ਼ਮ ਜ਼ਖ਼ਮੀ ਹੋ ਗਏ। ਪੁਲਿਸ ਵੱਲੋਂ ਘਟਨਾ ਦੀ ਜਾਂਚ ਕਰਕੇ ਕਾਰਵਾਈ ਕੀਤੀ ਜਾ ਰਹੀ ਹੈ। ਘਟਨਾ ਚ ਇੱਕ ਔਰਤ ਦੇ ਜ਼ਖਮੀ ਹੋਣ ਦੀ ਵੀ ਖਬਰ ਹੈ।

# ਨਵੇਂ ਸ਼ੋਅ ਜਵਾਈ ਜੀ, ਦੇ ਵਿੱਚ ਸਿਦਕ ਦਾ ਰੋਲ ਨਿਭਾਉਣ ਆ ਰਹੀ ਹੈ ਨੇਹਾ ਚੌਹਾਨ, 28 ਅਕਤੂਬਰ ਨੂੰ ਸ਼ਾਮ 7:30 ਵਜੇ !



(ਲੋਕ ਬਾਣੀ) ਜ਼ੀ ਪੰਜਾਬੀ ਹਮੇਸ਼ਾ ਇੱਕ ਅਜਿਹਾ ਪਲੇਟਫਾਰਮ ਰਿਹਾ ਹੈ ਜੋ ਨਵੀਂ ਪ੍ਰਤਿਭਾ ਨੂੰ ਦਰਸ਼ਕਾਂ ਦੇ ਸਾਹਮਣੇ ਲਿਆਉਣ ਵਿੱਚ ਮਦਦ ਕਰਦਾ ਹੈ ਅਤੇ ਉਤਸ਼ਾਹਿਤ ਕਰਦਾ ਹੈ, ਜਿਸ ਨਾਲ ਨੌਜਵਾਨ ਕਲਾਕਾਰਾਂ ਨੂੰ ਆਪਣੀ ਸਮਰੱਥਾ ਦਾ ਪ੍ਰਦਰਸ਼ਨ ਕਰਨ ਦੀ ਇਜਾਜ਼ਤ ਮਿਲਦੀ ਹੈ। ਇਸ ਪਰੰਪਰਾ ਦੇ ਅਨੁਸਾਰ, ਚੈਨਲ ਦੇ ਆਉਣ ਵਾਲੇ ਸ਼ੋਅ ਜਵਾਈ ਜੀ ਵਿੱਚ ਇੱਕ ਬਿਲਕੁਲ ਨਵਾਂ ਚਿਹਰਾ, ਨੇਹਾ ਚੌਹਾਨ, ਸਿਦਕ ਦੀ ਮੁੱਖ ਭੂਮਿਕਾ ਵਿੱਚ ਦਿਖਾਈ ਦੇਵੇਗੀ।

ਨੇਹਾ ਚੌਹਾਨ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੀ ਗ੍ਰੈਜੂਏਟ, ਆਪਣੀ ਐਮ.ਏ. ਕਰ ਰਹੀ ਹੈ, ਉਸਨੇ ਆਪਣੇ ਕਾਲਜ ਦੇ ਸਾਲਾਂ ਦੌਰਾਨ ਅਦਾਕਾਰੀ ਲਈ ਆਪਣੇ ਜਨੂੰਨ ਦਾ ਪਤਾ ਲਗਾਇਆ, ਜਿੱਥੇ ਉਸਨੇ ਥੀਏਟਰ ਵਿੱਚ ਆਪਣਾ ਸਫ਼ਰ ਸ਼ੁਰੂ ਕੀਤਾ। ਉਹ ਸੀਰੀਜ਼ ਹਾਈ ਸਕੂਲ ਲਵ ਵਿੱਚ ਦਿਖਾਈ ਦੇਣ ਲਈ ਚਲੀ ਗਈ, ਪਰ ਉਸਨੂੰ ਸਫਲਤਾ ਉਦੋਂ ਮਿਲੀ ਜਦੋਂ ਜ਼ੀ ਪੰਜਾਬੀ ਨੇ ਉਸਨੂੰ ਜਵਾਈ ਜੀ ਲਈ ਇੱਕ ਪ੍ਰਮੁੱਖ ਭੂਮਿਕਾ ਵਿੱਚ ਕਾਸਟ ਕੀਤਾ। ਨੇਹਾ ਸਿਦਕ ਦੀ ਭੂਮਿਕਾ ਨਿਭਾਉਂਦੀ ਹੈ, ਇੱਕ ਕਮਜ਼ੋਰ ਪਾਤਰ ਜੋ ਆਪਣੀ ਮਾਂ ਦੇ ਪਿਆਰ ਅਤੇ ਪ੍ਰਸ਼ੰਸਾ ਲਈ ਤਰਸਦੀ ਹੈ।

ਆਪਣੇ ਸਫ਼ਰ ਨੂੰ ਦਰਸਾਉਂਦੇ ਹੋਏ, ਨੇਹਾ ਸ਼ੇਅਰ ਕਰਦੀ ਹੈ, ਜ਼ੀ ਪੰਜਾਬੀ ਨੇ ਮੈਨੂੰ ਮੇਰੇ ਕਰੀਅਰ ਦਾ ਸਭ ਤੋਂ ਮਹੱਤਵਪੂਰਨ ਪਲੇਟਫਾਰਮ ਦਿੱਤਾ ਹੈ। ਜਵਾਈ ਜੀ ਇਕ ਸੁਪਨਾ ਸਾਕਾਰ ਹੈ। ਮੈਂ ਹਮੇਸ਼ਾਂ ਇੱਕ ਅਰਥਪੂਰਨ ਭੂਮਿਕਾ ਨਿਭਾਉਣ ਦੀ ਇੱਛਾ ਰੱਖਦੀ ਹਾਂ ਜੋ ਦਰਸ਼ਕਾਂ ਨਾਲ ਜੁੜਦਾ ਹੈ, ਅਤੇ ਸਿਦਕ ਦੇ ਕਿਰਦਾਰ ਦੁਆਰਾ, ਮੈਨੂੰ ਵਿਸ਼ਵਾਸ ਹੈ ਕਿ ਮੈਨੂੰ ਉਹ ਮੌਕਾ ਮਿਲਿਆ ਹੈ। ਮੈਂ ਇਸ ਭੂਮਿਕਾ ਲਈ ਮੇਰੇ ਤੇ ਭਰੋਸਾ ਕਰਨ ਲਈ ਜ਼ੀ ਪੰਜਾਬੀ ਦਾ ਧੰਨਵਾਦੀ ਹਾਂ, ਅਤੇ ਮੈਂ ਇਸ ਕਹਾਣੀ ਨੂੰ ਦਰਸ਼ਕਾਂ ਨਾਲ ਸਾਂਝਾ ਕਰਨ ਲਈ ਉਤਸੁਕ ਹਾਂ।

ਜਵਾਈ ਜੀ ਡਰਾਮੇ, ਭਾਵਨਾਵਾਂ ਅਤੇ ਸੰਬੰਧਿਤ ਕਿਰਦਾਰਾਂ ਨੂੰ ਪੇਸ਼ ਕਰਨ ਦਾ ਵਾਅਦਾ ਕਰਦਾ ਹੈ ਜੋ ਦਰਸ਼ਕਾਂ ਨੂੰ ਜੋੜੀ ਰੱਖਣਗੇ, ਨੇਹਾ ਜ਼ੀ ਪੰਜਾਬੀ ਤੇ ਇਸ ਨਵੇਂ ਸਫ਼ਰ ਵਿੱਚ ਅਗਵਾਈ ਕਰ ਰਹੀ ਹੈ। ਇਸ ਦੇ ਪ੍ਰੀਮੀਅਰ ਨੂੰ 28 ਅਕਤੂਬਰ ਨੂੰ ਸ਼ਾਮ 7:30 ਵਜੇ, ਸਿਰਫ਼ ਜ਼ੀ ਪੰਜਾਬੀ ਤੇ ਦੇਖਣਾ ਨਾ ਭੁੱਲੋ !

# ਯਾਦਗਾਰੀ ਗੇਟਾਂ ਦੀ ਮਨਜ਼ੂਰੀ ਲਏ ਬਿਨਾਂ ਉਸਾਰੀ 'ਤੇ ਰੋਕਬਿਨਾਂ ਮਨਜ਼ੂਰੀ ਬੋਰਵੈੱਲ ਪੁੱਟਣ ਜਾਂ ਡੂੰਘੇ ਕਰਨ 'ਤੇ ਰੋਕ

ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ)ਜ਼ਿਲ੍ਹਾ ਮੈਜਿਸਟ੍ਰੇਟ ਸ਼ਹੀਦ ਭਗਤ ਸਿੰਘ ਨਗਰ ਰਾਜੇਸ਼ ਧੀਮਾਨ ਨੇ ਦੇਸ਼ ਦੀ ਸਰਵਉੱਚ ਅਦਾਲਤ ਵੱਲੋਂ ਰਿੱਟ ਪਟੀਸ਼ਨ (ਸਿਵਲ ਨੰ. 36 ਆਫ਼ 2009) ਵਿਚ ਮਿਤੀ 11.02.2010 ਰਾਹੀਂ ਪਾਸ ਕੀਤੇ ਹੁਕਮ ਦੀ ਰੋਸ਼ਨੀ 'ਚ ਜਲ ਸ੍ਰੋਤ ਮੰਤਰਾਲਾ ਭਾਰਤ ਸਰਕਾਰ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਵਿਚ ਬੋਰਵੈੱਲਾਂ/ਟਿਊਬਵੈੱਲਾਂ ਦੀ ਖੁਦਾਈ/ਮੁਰੰਮਤ ਦੇ ਮੱਦੇਨਜ਼ਰ ਸ਼ਹਿਰੀ ਅਤੇ ਪੇਂਡੂ ਖੇਤਰਾਂ 'ਚ ਕੱਚੀਆਂ ਖੂਹੀਆਂ ਅਤੇ ਟਿਊਬਵੈੱਲ ਪੁੱਟਣ ਕਾਰਨ ਲੋਕਾਂ ਅਤੇ ਬੱਚਿਆਂ ਦੇ ਇਨ੍ਹਾਂ ਬੋਰਵੈਲਾਂ 'ਚ ਗਿਰਨ ਦੇ ਖਦਸ਼ੇ ਦੇ ਮੱਦੇਨਜ਼ਰ ਜ਼ਿਲ੍ਹੇ ਵਿਚ ਬਿਨਾਂ ਮਨਜ਼ੂਰੀ ਬੋਰਵੈੱਲ ਪੁੱਟਣ ਜਾਂ ਡੂੰਘੇ ਕਰਨ 'ਤੇ ਰੋਕ ਲਗਾਉਂਦਿਆਂ, ਇਸ ਲਈ ਸਮਰੱਥ ਅਧਿਕਾਰੀ ਪਾਸੋਂ ਬਾ-ਸ਼ਰਤ ਪ੍ਰਵਾਨਗੀ ਲਾਜ਼ਮੀ ਕਰ ਦਿੱਤੀ ਹੈ।ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਭਾਰਤੀ ਨਾਗਰਿਕ ਸੁਰੱਕਸ਼ਾ ਸੰਹਿਤਾ, 2023 ਦੀ ਧਾਰਾ 163 ਤਹਿਤ ਜਾਰੀ ਹੁਕਮ ਅਨੁਸਾਰ ਜ਼ਮੀਨ ਮਾਲਕ ਵਾਸਤੇ ਬੋਰਵੈੱਲ ਪੁੱਟਣ ਤੋਂ ਪਹਿਲਾਂ ਸਬੰਧਤ ਜ਼ਿਲ੍ਹਾ ਕੁਲੈਕਟਰ, ਸਬੰਧਤ ਗ੍ਰਾਮ ਪੰਚਾਇਤ, ਨਗਰ ਕੌਂਸਲ, ਜਨ ਸਿਹਤ ਵਿਭਾਗ, ਭੂਮੀ ਰੱਖਿਆ ਵਿਭਾਗ (ਗਰਾਊਂਡ ਵਾਟਰ) ਨੂੰ 15 ਦਿਨ ਪਹਿਲਾਂ ਸੂਚਿਤ ਕਰਨਾ ਜ਼ਰੂਰੀ ਹੋਵੇਗਾ। ਇਸ ਦੇ ਨਾਲ ਹੀ ਬੋਰਵੈੱਲ ਕਰਨ ਵਾਲੀ ਡਰਿਲਿੰਗ ਏਜੰਸੀ ਦੇ ਨਾਂ ਅਤੇ ਰਜਿਸਟ੍ਰੇਸ਼ਨ ਨੰਬਰ ਅਤੇ ਜ਼ਮੀਨ ਮਾਲਕ ਦੇ ਪੂਰੇ ਨਾਮ ਤੇ ਪਤੇ ਵਾਲਾ ਸਾਈਨ ਬੋਰਡ, ਸਬੰਧਤ ਬੋਰ ਕਰਨ ਵਾਲੀ ਥਾਂ ਨੇੜੇ ਹੋਣਾ ਲਾਜ਼ਮੀ ਹੈ। ਬੋਰਵੈੱਲ ਦੇ ਦੁਆਲੇ ਕੰਡਿਆਲੀ ਤਾਰ ਅਤੇ ਇਸ ਨੂੰ ਸਟੀਲ ਪਲੇਟ ਦੇ ਢੱਕਣ ਨਾਲ ਨੱਟ ਬੋਲਟ ਲਗਾ ਕੇ ਬੰਦ ਕਰਨਾ ਲਾਜ਼ਮੀ ਹੋਵੇਗਾ। ਬੋਰਵੈੱਲ ਦੇ ਆਲੇ-ਦੁਆਲੇ ਸੀਮਿੰਟ/ਕੰਕਰੀਟ ਦਾ ਪਲੇਟਫ਼ਾਰਮ ਜੋ ਜ਼ਮੀਨੀ ਪੱਧਰ ਤੋਂ 0.30 ਮੀਟਰ ਨੀਵਾਂ ਅਤੇ 0.30 ਮੀਟਰ ਉੱਚਾ ਹੋਵੇ, ਦੀ ਉਸਾਰੀ ਲਾਜ਼ਮੀ ਹੋਵੇਗੀ।ਇਸ ਤੋਂ ਇਲਾਵਾ ਖੂਹ/ਬੋਰਵੈਲ ਪੁੱਟਣ ਜਾਂ ਮੁਰੰਮਤ ਉਪਰੰਤ ਜੇਕਰ ਖਾਲੀ ਥਾਂ ਕੋਈ ਹੋਵੇ ਤਾਂ ਉਸ ਨੂੰ ਮਿੱਟੀ ਨਾਲ ਭਰਿਆ ਜਾਵੇ ਅਤੇ ਕੰਮ ਪੂਰਾ ਹੋਣ ਉਪਰੰਤ ਜ਼ਮੀਨੀ ਪੱਧਰ ਨੂੰ ਪਹਿਲਾ ਜਿਹਾ ਕੀਤਾ ਜਾਵੇ। ਖੂਹ ਜਾਂ ਬੋਰਵੈਲ ਨੂੰ ਕਿਸੇ ਵੀ ਹਾਲਤ 'ਚ ਖਾਲੀ ਨਾ ਛੱਡਿਆ ਜਾਵੇ। ਕੋਈ ਵੀ ਵਿਅਕਤੀ ਖੂਹ/ਬੋਰਵੈਲ ਪੁੱਟਣ ਜਾਂ ਮੁਰੰਮਤ ਕਰਨ ਲਈ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੀ ਲਿਖਤੀ ਪ੍ਰਵਾਨਗੀ ਲਵੇਗਾ ਅਤੇ ਉਨ੍ਹਾਂ ਦੀ ਦੇਖ-ਰੇਖ ਤੋਂ ਬਿਨਾਂ ਕੰਮ ਨਹੀਂ ਕਰਵਾਏਗਾ। ਪੇਂਡੂ ਇਲਾਕੇ 'ਚ ਸਰਪੰਚ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਅਤੇ ਸ਼ਹਿਰੀ ਇਲਾਕੇ 'ਚ ਜਨ ਸਿਹਤ ਵਿਭਾਗ, ਭੂਮੀ ਰੱਖਿਆ (ਗਰਾਂਊਂਡ ਵਾਟਰ), ਨਗਰ ਕੌਂਸਲਾਂ ਦੇ ਜੂਨੀਅਰ ਇੰਜੀਨੀਅਰਾਂ ਅਤੇ ਕਾਰਜਕਾਰੀ ਇੰਜੀਨੀਅਰਾਂ ਵੱਲੋਂ ਆਪਣੇ-ਆਪਣੇ ਅਧਿਕਾਰ ਖੇਤਰ ਦੀ ਇਸ ਸਬੰਧੀ ਬਾਕਾਇਦਾ ਰਿਪੋਰਟ ਵੀ ਤਿਆਰ ਕਰਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨੂੰ ਹਰ ਮਹੀਨੇ ਭੇਜੀ ਜਾਵੇਗੀ। ਇਹ ਮਨਾਹੀ ਦੇ ਹੁਕਮ 30 ਨਵੰਬਰ, 2024 ਤੱਕ ਲਾਗੂ ਰਹਿਣਗੇ।



# ਸੀ-ਪਾਈਟ ਕੈਂਪ ਤਲਵਾੜਾ ਵਿਖੇ ਐਸ.ਐਸ.ਸੀ ( ਜਨਰਲ ਡਿਊਟੀ) ਦੀ ਪੋਸਟਾਂ ਦੀ ਸਿਖਲਾਈ ਸ਼ੁਰੂ

ਗੁਰਦਾਸਪੁਰ-ਨਵਨੀਤ ਕੁਮਾਰ -

ਪੰਜਾਬੀ ਸੀ-ਪਾਈਟ ਕੈਂਪ ਤਲਵਾੜਾ ਵਿਖੇ ਐਸ.ਐਸ.ਸੀ ( ਜਨਰਲ ਡਿਊਟੀ) ਦੀ ਪੋਸਟਾਂ ਸਬੰਧੀ ਕੈਂਪ ਸ਼ੁਰੂ ਹੋ ਗਿਆ ਹੈ । ਇਹਨਾਂ ਪੋਸਟਾਂ ਦੀ ਫਾਰਮ ਭਰਣ ਦੀ ਆਖਰੀ ਤਰੀਕ ਮਿਤੀ 14 ਅਕਤੂਬਰ 24 ਹੈ । ਕੁੱਲ ਪੋਸਟਾਂ 39481 (ਲੜਕੇ 35612 ਅਤੇ ਲੜਕੀਆਂ ਦੀ 3869) ਉਮਰ 18 ਤੋਂ 23 ਅਤੇ ਯੋਗਤਾ ਦਸਵੀਂ ਪਾਸ ।ਕੱਦ ਲੜਕੇ -5 ਫੁੱਟ 7 ਇਚ ਲੜਕੀਆਂ 5 ਫੁੱਟ 2 ਫੁੱਟ,ਉਚਾਈ ਲੜਕੇ 5 ਅਤੇ ਲੜਕੀਆਂ 1.6 । ਟ੍ਰੇਨਿੰਗ ਅਧਿਕਾਰੀ ਵੱਲੋਂ ਦਸਿਆ ਗਿਆ ਹੈ ਕਿ ਚਾਹਵਾਨ ਯੁਵਕ ਆਪਣੇ ਦਸਤਾਵੇਜ ਜਿਵੇਂ ਕਿ 10ਵੀਂ ਅਤੇ 12ਵੀਂ ਪਾਸ ਦਾ ਸਰਟੀਫਿਕੇਟ ,ਉਮਰ,ਰਿਹਾਇਸ਼ ਸਰਟੀਫਿਕੇਟ ,ਆਧਾਰ ਕਾਰਡ ਦੀਆਂ ਦੋ-ਦੋ ਫੋਟੋਸਟੇਟ ਕਾੱਪੀਆਂ ਅਤੇ 2 ਪਾਸਪੋਰਟ ਸਾਈਜ਼ ਫੋਟੋਆਂ ਲੈ ਕੇ ਕੈਂਪ ਵਿਖੇ ਕਿਸੇ ਵੀ ਦਿਨ ਸਵੇਰੇ 9 ਵਜ੍ਹੇ ਤੋਂ ਬਾਅਦ ਹਾਜ਼ਰ ਹੋ ਸਕਦੇ ਹਨ । ਟ੍ਰੇਨਿੰਗ ਅਧਿਕਾਰੀ ਸ੍ਰ: ਗੁਰਨਾਮ ਸਿੰਘ ਨੇ ਦਸਿਆ ਹੈ ਸਿਖਲਾਈ ਦੋਰਾਨ ਨੋਜਵਾਨਾਂ ਨੂੰ ਰਿਹਾਇਸ਼ ਅਤੇ ਖਾਣਾ ਬਿਲਕੁਲ ਮੁਫਤ ਦਿੱਤਾ ਜਾਵੇਗਾ ।

ਇਹ ਜਾਣਕਾਰੀ ਦਿੰਦਿਆਂ ਸੀ-ਪਾਈਪ ਕੈਂਪ ਦੇ ਸੁਬੇਦਾਰ ਗੁਰਨਾਮ ਸਿੰਘ ਨੇ ਦਸਿਆ ਕਿ ਕੈਂਪ ਵਿਖੇ ਆਰਮੀ ਦੀ ਅਗਨੀਵੀਰ / ਪੈਰਾਮਿਲਟਰੀ ਫੋਰਸ ਅਤੇ ਪੰਜਾਬ ਪੁਲਿਸ ਦੀ ਭਰਤੀ ਲਈ ਫਿਜੀਕਲ ਦੀ ਟ੍ਰੇਨਿੰਗ ਦੀ ਤਿਆਰੀ ਕਰਨਾ ਚਾਹੁੰਦੇ ਹਨ ,ਉਹ ਨੌਜਵਾਨ ਵੀ ਸੀ-ਪਾਈਟ ਕੈਂਪ ਤਲਵਾੜਾ ਵਿਖੇ ਆਕੇ ਤਿਆਰੀ ਕਰ ਸਕਦੇ ਹਨ । ਯੁਵਕਾਂ ਨੂੰ ਸਿਖਲਾਈ ਦੌਰਾਣ ਰਿਹਾਇਸ਼ ,ਖਾਣਾ ਬਿਲਕੁਲ ਮੁਫਤ ਮਿਲੇਗਾ

# ਸੂਬਾ ਕਾਂਗਰਸ ਮਹਿਲਾ ਵਿੰਗ ਵਲੋਂ ਨਵ ਨਿਯੁਕਤ ਨਗਰ ਨਿਗਮ ਕਮਿਸ਼ਨਰ ਫਗਵਾੜਾ ਨੂੰ ਮਿਲਿਆ



## ਗੁਲਦਸਤਾ ਭੇਟ ਕਰ ਸ਼ੁਭ ਕਾਮਨਾਵਾਂ ਦਿੱਤੀਆਂ

ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਅੱਜ ਸੀਨੀਅਰ ਕਾਂਗਰਸੀ ਆਗੂ ਸ਼ਵਿੰਦਰ ਨਿਸ਼ਚਲ ਸੰਮੀ ਸੂਬਾ ਜਰਨਲ ਸਕੱਤਰ ਮਹਿਲਾ ਕਾਂਗਰਸ , ਮੀਨਾਕਸ਼ੀ ਵਰਮਾ ਸੂਬਾ ਜਰਨਲ ਸਕੱਤਰ ਮਹਿਲਾ ਕਾਂਗਰਸ , ਮੋਨੀਕਾ ਟੰਡਨ ਜ਼ਿਲ੍ਹਾ ਜਰਨਲ ਸਕੱਤਰ , ਸੀਤਾ ਦੇਵੀ ਸਾਬਕਾ ਕੋਸਲਰ ਨੇ ਨਵ ਨਿਯੁਕਤ ਕਮਿਸ਼ਨਰ ਨਗਰ ਨਿਗਮ ਫਗਵਾੜਾ ਨੂੰ ਮਿਲੇ ਅਤੇ ਉਨ੍ਹਾਂ ਨੂੰ ਗੁਲਦਸਤਾ ਭੇਟ ਕਰ ਸ਼ੁਭ ਕਾਮਨਾਵਾਂ ਦਿੱਤੀਆਂ ਅਤੇ ਸ਼ਹਿਰ ਦੇ ਵਿਕਾਸ ਕਾਰਜਾਂ ਚ ਉਮੀਦ ਯਤਾ ਪੂਰਣ ਸਹਿਯੋਗ ਦੇਣ ਦਾ ਭਰੋਸਾ ਦਿੱਤਾ

# ਸੂਬਾ ਕਾਂਗਰਸ ਮਹਿਲਾ ਵਿੰਗ ਵਲੋਂ ਨਵ ਨਿਯੁਕਤ ਡੀ ਐਸ ਪੀ ਫਗਵਾੜਾ ਨੂੰ ਮਿਲਿਆ




ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਅੱਜ ਸੀਨੀਅਰ ਕਾਂਗਰਸੀ ਆਗੂ ਸ਼ਵਿੰਦਰ ਨਿਸ਼ਚਲ ਸੰਮੀ ਸੂਬਾ ਜਰਨਲ ਸਕੱਤਰ ਮਹਿਲਾ ਕਾਂਗਰਸ , ਮੀਨਾਕਸ਼ੀ ਵਰਮਾ ਸੂਬਾ ਜਰਨਲ ਸਕੱਤਰ ਮਹਿਲਾ ਕਾਂਗਰਸ , ਮੋਨੀਕਾ ਟੰਡਨ ਜ਼ਿਲ੍ਹਾ ਜਰਨਲ ਸਕੱਤਰ , ਸੀਤਾ ਦੇਵੀ ਸਾਬਕਾ ਕੋਸਲਰ ਨੇ ਨਵ ਨਿਯੁਕਤ ਡੀ ਐਸ ਪੀ ਫਗਵਾੜਾ ਭਰਤ ਭੂਸ਼ਨ ਸੈਣੀ ਨੂੰ ਮਿਲੇ ਅਤੇ ਉਨ੍ਹਾਂ ਨੂੰ ਗੁਲਦਸਤਾ ਭੇਟ ਕਰ ਸ਼ੁਭ ਕਾਮਨਾਵਾਂ ਦਿੱਤੀਆਂ ਅਤੇ ਸ਼ਹਿਰ ਵਿਖੇ ਅਮਨ ਸ਼ਾਂਤੀ ਨੂੰ ਬਰਕਰਾਰ ਰੱਖਣ ਲਈ ਉਨ੍ਹਾਂ ਨੂੰ ਪੂਰਣ ਸਹਿਯੋਗ ਦੇਣ ਦਾ ਭਰੋਸਾ ਦਿੱਤਾ

# ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਟਾਹਲੀ ਸਾਹਿਬ ਪਿੰਡ ਸੁੱਧਾ ਮਾਜਰਾ ਵਿਖੇ ਕਰਵਾਇਆ ਗਿਆ ਉਨੀਵਾਂ ਗੁਰਮਤਿ ਸਮਾਗਮ

## ਬਹੁਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਭਰੀ ਹਾਜ਼ਰੀ।



ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ)ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਨਵਾਂ ਸ਼ਹਿਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜਗਤ ਗੁਰੂ ਧੰਨ ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ 4, 5, 6 ਨਵੰਬਰ ਨੂੰ ਹੋਣ ਵਾਲੇ ਸਲਾਨਾ ਮਹਾਨ ਕੀਰਤਨ ਦਰਬਾਰ ਨੂੰ ਸਮਰਪਿਤ ਗੁਰਮਤਿ ਸਮਾਗਮਾਂ ਦਾ ਲੜੀਵਾਰ 19ਵਾਂ ਸਮਾਗਮ ਗੁਰਦੁਆਰਾ ਟਾਹਲੀ ਸਾਹਿਬ ਪਿੰਡ ਸੁੱਧਾ ਮਾਜਰਾ ਵਿਖੇ ਕਰਵਾਇਆ ਗਿਆ। ਇਸ ਸਮਾਗਮ ਦੀ ਵਿਲੱਖਣਤਾ ਇਹ ਰਹੀ ਕਿ ਹਰ ਸਾਲ ਦੀ ਤਰਾਂ ਇਸ ਵਾਰ ਵੀ ਬਹੁਤ ਵੱਡੀ ਗਿਣਤੀ ਵਿਚ ਨਵਾਂਸ਼ਹਿਰ ਅਤੇ ਸਮੁੱਚੇ ਜਿਲਾ ਸ਼ਹੀਦ ਭਗਤ ਸਿੰਘ ਨਗਰ ਵਿਚੋਂ ਬਹੁਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਵੱਖ-ਵੱਖ ਪਿੰਡਾਂ ਸ਼ਹਿਰਾਂ ਵਿੱਚੋਂ ਬੱਸਾਂ, ਟ੍ਰੈਕਟਰ ਟਰਾਲੀਆਂ ਅਤੇ ਨਿੱਜੀ ਵਾਹਨਾਂ ਰਾਹੀਂ ਸੰਗਤਾਂ ਸਮਾਗਮ ਦੀ ਅਰੰਭਤਾ ਤੋਂ ਪਹਿਲਾਂ ਹੀ ਬਹੁਤ ਸੁੰਦਰ ਢੰਗ ਨਾਲ ਸਜਾਏ ਪੰਡਾਲ ਵਿਚ ਪਹੁੰਚ ਚੁੱਕੀਆਂ ਸਨ। ਪ੍ਰਬੰਧਕਾਂ ਵਲੋਂ ਰੋਜ਼ਾਨਾ ਸਮਾਗਮ ਵਿਚ ਹਾਜਰੀਆਂ ਭਰਨ ਵਾਲੀਆਂ ਸੰਗਤਾਂ ਦੇ ਰੁਝਾਨ ਨੂੰ ਦੇਖਦੇ ਹੋਏ ਵੱਡੇ ਪੱਧਰ ਤੇ ਇੰਤਜਾਮ ਕੀਤੇ ਗਏ ਸਨ। ਇਸ ਸਮਾਗਮ ਦੀ ਆਰੰਭਤਾ ਸ਼ਾਮ ਨੂੰ ਸ੍ਰੀ ਰਹਿਰਾਸ ਸਾਹਿਬ ਜੀ ਦੇ ਪਾਠ ਨਾਲ ਹੋਈ। ਉਸ ਤੋਂ ਬਾਅਦ ਗੁਰਬਾਣੀ ਕੀਰਤਨ ਅਤੇ ਕਥਾ ਵਿਚਾਰਾਂ ਦਾ ਪ੍ਰਵਾਹ ਚਲਿਆ। ਸਮਾਗਮ ਦੌਰਾਨ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਅਮਨਦੀਪ ਸਿੰਘ ਵਲੋਂ ਗੁਰਬਾਣੀ ਕੀਰਤਨ ਗਾਇਨ ਕਰਕੇ ਸੰਗਤਾਂ ਨੂੰ ਗੁਰੂ ਉਪਮਾ ਰਾਹੀ ਨਿਹਾਲ ਕੀਤਾ ਗਿਆ ਅਤੇ ਨਾਲ ਹੀ ਪੰਥ ਦੇ ਮਹਾਨ ਵਿਦਵਾਨ ਅਤੇ ਚਿੰਤਕ ਡਾ: ਹਨਵੰਤ ਸਿੰਘ ਨੇ ਗੁਰਬਾਣੀ ਅਤੇ ਗੁਰ ਇਤਿਹਾਸ ਨੂੰ ਸੁਣਾ ਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਗੁਰੂ ਨਾਨਕ ਮਿਸ਼ਨ ਸੇਵਾ ਸੋਸਾਇਟੀ ਵੱਲੋਂ ਇਹ ਵੀ ਬੇਨਤੀ ਕੀਤੀ ਗਈ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਹਾਨ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ ਜੋ ਕਿ 6 ਨਵੰਬਰ ਨੂੰ ਹੋਵੇਗਾ। ਸੰਗਤਾਂ ਨੂੰ ਅਪੀਲ ਕੀਤੀ ਗਈ ਉਹ ਵੱਧ ਤੋਂ ਵੱਧ ਗਿਣਤੀ ਵਿਚ ਅੰਮ੍ਰਿਤ ਸੰਚਾਰ ਵਿੱਚ ਭਾਗ ਲੈਣ ਅਤੇ ਆਪਣੇ ਆਪ ਨੂੰ ਗੁਰੂ ਪਾਤਸ਼ਾਹ ਦੇ ਚਰਨਾਂ ਵਿੱਚ ਸਮਰਪਿਤ ਕਰਨ। ਸਮਾਗਮ ਦੀ ਸਮਾਪਤੀ ਤੇ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਵੱਲੋਂ ਆਈਆਂ ਹੋਈਆਂ ਸੰਗਤਾਂ ਅਤੇ ਮੈਨੇਜਮੈਂਟ ਕਮੇਟੀ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ। ਪ੍ਰਬੰਧਕਾਂ ਵਲੋਂ ਵੀ ਗੁਰੂ ਨਾਨਕ ਮਿਸ਼ਨ ਸੇਵਾ ਸੋਸਾਇਟੀ ਦੇ ਸਮੂਹ ਮੈਂਬਰ ਸਾਹਿਬਾਨ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਉਨਾਂ ਆਖਿਆ ਕਿ ਅਜਿਹੇ ਸਮਾਗਮ ਲਗਾਤਾਰ ਹੋਣੇ ਚਾਹੀਦੇ ਨੇ ਤਾਂ ਜੋ ਘਰ ਘਰ ਵਿੱਚ ਗੁਰੂ ਨਾਨਕ ਪਾਤਸ਼ਾਹ ਦੀ ਵਿਚਾਰਧਾਰਾ ਨੂੰ ਪਹੁੰਚਾਇਆ ਜਾ ਸਕੇ। ਇਸ ਸਮਾਗਮ ਦਾ ਸੰਗਤਾਂ ਨੇ ਭਰਪੂਰ ਲਾਹਾ ਲਿਆ। ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵਲੋਂ ਰਾਗੀ ਜੱਥੇ, ਕਥਾਵਾਚਕ ਅਤੇ ਪ੍ਰਬੰਧਕ ਕਮੇਟੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਮੰਚ ਸੰਚਾਲਨ ਤਰਲੋਚਨ ਸਿੰਘ ਖਟਕੜ ਕਲਾਂ ਵਲੋਂ ਕੀਤਾ ਗਿਆ। ਇਸ ਮੌਕੇ ਸੁਖਵੰਤ ਸਿੰਘ ਚੀਮਾ, ਪਰਵਿੰਦਰ ਸਿੰਘ, ਲਵਪ੍ਰੀਤ ਸਿੰਘ ਬਾਬਾ ਬਿੰਦਾ ਸਿੰਘ, ਮੱਖਣ ਸਿੰਘ, ਮਨਮੋਹਨ ਸਿੰਘ ਲੋਹਟ, ਅਮਰੀਕ ਸਿੰਘ ਬਛੋੜੀ, ਜਗਤਾਰ ਸਿੰਘ ਮਹਿੰਦੀਪੁਰ, ਗੁਰਮੀਤ ਸਿੰਘ ਗਹੂੰਣ, ਉੱਤਮ ਸਿੰਘ ਸੇਠੀ, ਦੀਦਾਰ ਸਿੰਘ ਗਹੂੰਣ, ਜਗਜੀਤ ਸਿੰਘ, ਭਾਈ ਹਰਜਿੰਦਰ ਸਿੰਘ ਅਟਾਰੀ, ਗੁਰਦੇਵ ਸਿੰਘ ਗਹੂੰਣ, ਕਮਲਜੀਤ ਸਿੰਘ ਸੈਣੀ, ਜਗਦੀਪ ਸਿੰਘ ਕੈਸ਼ੀਅਰ, ਪਰਮਿੰਦਰ ਸਿੰਘ ਕੰਵਲ, ਇੰਦਰਜੀਤ ਸਿੰਘ ਬਾਹੜਾ, ਪਲਵਿੰਦਰ ਸਿੰਘ ਕਰਿਆਮ, ਗੁਰਦੇਵ ਸਿੰਘ ਸੋਢੀ ਮੂਸਾਪੁਰ, ਗੋਪਾਲ ਸਿੰਘ ਰੱਕੜ ਢਾਹਾਂ, ਕੁਲਜੀਤ ਸਿੰਘ ਖਾਲਸਾ, ਰਮਣੀਕ ਸਿੰਘ, ਨਵਦੀਪ ਸਿੰਘ, ਪਰਮਜੀਤ ਸਿੰਘ ਮੂਸਾਪੁਰ, ਗਿਆਨ ਸਿੰਘ, ਦਲਜੀਤ ਸਿੰਘ ਬਡਵਾਲ, ਗਿਆਨ ਸਿੰਘ, ਗੁਰਚਰਨ ਸਿੰਘ ਪਾਬਲਾ, ਮਨਜੀਤ ਸਿੰਘ ਮਹਿਤਪੁਰ ਅਤੇ ਮਨੀਸ਼ ਸਿੰਘ ਵੀ ਸ਼ਾਮਲ ਸਨ।

# ਡੀ.ਸੀ ਨੇ ਐਲ.ਡੀ.ਪੀ ਸ਼੍ਰੇਣੀ ਅਧੀਨ ਵੱਖ-ਵੱਖ ਐਲ.ਆਈ.ਟੀ ਸਕੀਮਾਂ ਦੀ ਸਮੀਖਿਆ ਕੀਤੀ




ਲੁਧਿਆਣਾ, (ਸੁਖਚੈਨ ਮਹਿਰਾ) ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਸੋਮਵਾਰ ਨੂੰ ਸਥਾਨਕ ਵਿਸਥਾਪਿਤ ਵਿਅਕਤੀ (ਐਲ.ਡੀ.ਪੀ) ਸ਼੍ਰੇਣੀ ਅਧੀਨ ਲੁਧਿਆਣਾ ਇੰਪਰੂਵਮੈਂਟ ਟਰੱਸਟ (ਐਲ.ਆਈ.ਟੀ) ਦੀਆਂ ਵੱਖ-ਵੱਖ ਸਕੀਮਾਂ ਦੀ ਸਥਿਤੀ ਦਾ ਜਾਇਜ਼ਾ ਲਿਆ।

ਐਲ.ਆਈ.ਟੀ ਦੇ ਚੇਅਰਮੈਨ ਸ੍ਰੀ ਤਰਸੇਮ ਸਿੰਘ ਭਿੰਡਰ ਅਤੇ ਜ਼ਿਲ੍ਹਾ ਮਾਲ ਅਫ਼ਸਰ ਅੰਕਿਤਾ ਅਗਰਵਾਲ, ਜੋਰਵਾਲ, ਜੋ ਕਿ ਕਮੇਟੀ ਦੇ ਚੇਅਰਮੈਨ ਹਨ, ਦੇ ਨਾਲ ਇਸੇ ਸ਼੍ਰੇਣੀ ਅਧੀਨ ਆਉਂਦੇ ਕਈ ਮਾਮਲਿਆਂ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ ਅਤੇ ਉਨ੍ਹਾਂ ਦੀ ਮੌਜੂਦਾ ਸਥਿਤੀ ਦੀ ਜਾਂਚ ਕੀਤੀ।

ਡਿਪਟੀ ਕਮਿਸ਼ਨਰ ਨੇ ਲੁਧਿਆਣਾ ਇੰਪਰੂਵਮੈਂਟ ਟਰੱਸਟ ਦੇ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਬਿਨੈਕਾਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਪੇਸ਼ ਨਾ ਆਵੇ, ਇਸ ਲਈ ਨਿਰਪੱਖ ਅਤੇ ਪਾਰਦਰਸ਼ੀ ਅਲਾਟਮੈਂਟ ਪ੍ਰਕਿਰਿਆ ਨੂੰ ਯਕੀਨੀ ਬਣਾਇਆ ਜਾਵੇ।

ਵਿਕਾਸ ਸਕੀਮਾਂ ਵਿੱਚ ਬੀ.ਆਰ.ਐਸ.ਨਗਰ, ਮਾਡਲ ਟਾਊਨ ਐਕਸਟੈਂਸ਼ਨ, ਸ਼ਹੀਦ ਭਗਤ ਸਿੰਘ ਨਗਰ, ਕਿਚਲੂ ਨਗਰ, ਮਹਾਂਰਿਸ਼ੀ ਬਾਲਮੀਕੀ ਨਗਰ ਅਤੇ ਹੋਰ ਸ਼ਾਮਲ ਹਨ।

ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਅਤੇ ਪੰਜਾਬ ਸਰਕਾਰ ਦੁਆਰਾ ਗਠਿਤ ਇੱਕ ਕਮੇਟੀ ਨੂੰ ਸੁਧਾਰ ਟਰੱਸਟ ਦੇ ਐਲ.ਡੀ.ਪੀ/ਵਿਕਲਪਕ ਪਲਾਟਾਂ ਦੇ ਕੇਸਾਂ ਨੂੰ ਕੁਸ਼ਲਤਾ ਨਾਲ ਨਿਪਟਾਉਣ ਦਾ ਕੰਮ ਸੌਂਪਿਆ ਗਿਆ ਹੈ। ਇਹ ਕਮੇਟੀ ਟਰੱਸਟ ਦੇ ਐਲ.ਡੀ.ਪੀ/ਵਿਕਲਪਕ ਪਲਾਟਾਂ ਦੇ ਕੇਸਾਂ ਬਾਰੇ ਪਾਸ ਕੀਤੇ ਮਤਿਆਂ ਦੀ ਸਮੀਖਿਆ ਕਰਨ ਲਈ ਜ਼ਿੰਮੇਵਾਰ ਹੈ ਅਤੇ ਰਾਜ ਸਰਕਾਰ ਦੇ ਨਿਯਮਾਂ, ਕਾਨੂੰਨਾਂ ਅਤੇ ਨਿਰਦੇਸ਼ਾਂ ਦੇ ਆਧਾਰ ਤੇ ਉਨ੍ਹਾਂ ਨੂੰ ਮਨਜ਼ੂਰ ਜਾਂ ਰੱਦ ਕਰੇਗੀ।

# ਥਾਣਾ ਸਦਰ ਨਵਾਸ਼ਹਿਰ ਵਿਖੇ ਮੋਟਰ ਸਾਇਕਲ ਚੋਰੀ ਦਾ ਮਾਮਲਾ ਦਰਜ:ਥਾਣਾ ਮੁੱਖੀ

ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ)ਇਹ ਮੁਕੱਦਮਾ ਬਰ ਬਿਆਨ ਪਰਮਜੀਤ ਸਿੰਘ ਪੁੱਤਰ ਕੇਵਲ ਸਿੰਘ ਵਾਸੀ ਗੋਹਲੜੋ ਥਾਣਾ ਸਦਰ ਨਵਾਂਸ਼ਹਿਰ ਜਿਲਾ ਸ਼ਹੀਦ ਭਗਤ ਸਿੰਘ ਨਗਰ ਦਰਜ ਰਜਿਸਟਰ ਹੋਇਆ ਹੈ ਕਿ ਉਹ ਮਿਤੀ 03-10-2024 ਨੂੰ ਵਕਤ ਕਰੀਬ 7.25 PM ਆਪਣੇ ਮੋਟਰਸਾਈਕਲ ਸਪਲੈਂਡਰ ਨੰਬਰੀ PB-12-U-9623 ਪਰ ਸਵਾਰ ਹੋ ਕੇ ਪਿੰਡ ਕਰੀਮਪੁਰ ਤੋਂ ਪਿੰਡ ਗੋਹਲੜੋ ਨੂੰ ਜਾ ਰਿਹਾ ਸੀ ਤਾਂ ਜਦੋਂ ਉਹ ਪਿੰਡ ਗੋਹਲੜੋ ਤੋਂ ਥੋੜਾ ਪਿੱਛੇ ਪੁੱਜਾ ਤਾਂ ਅੱਗੇ ਤਿੰਨ ਨੌਜਵਾਨ ਖੜੇ ਸੀ ਜਿਹਨਾਂ ਨੇ ਉਸਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਜਦੋਂ ਉਸਨੇ ਉਹਨਾਂ ਪਾਸ ਜਾ ਕੇ ਮੋਟਰਸਾਈਕਲ ਰੋਕਿਆ ਤਾਂ ਇੱਕ ਨੌਜਵਾਨ ਨੇ ਉਸਦੇ ਲੋਹੇ ਦੀ ਰਾੜ ਮਾਰਨ ਦੀ ਕੋਸ਼ਿਸ਼ ਕੀਤੀ ਤਾਂ ਉਸਨੇਂ ਆਪਣਾ ਬਚਾ ਕਰ ਲਿਆ ਉਕਤ ਨੌਜਵਾਨਾਂ ਨੇ ਉਸਨੂੰ ਰੋਕ ਕੇ ਜੇਬ ਵਿੱਚੋਂ 1000 ਰੁਪਏ ਕੱਢ ਲਏ ਅਤੇ ਉਸਦਾ ਮੋਟਰਸਾਈਕਲ ਖੋਹ ਕੇ ਲਗੜੋਆ ਸਾਈਡ ਨੂੰ ਫਰਾਰ ਹੋ ਗਏ। ਉਹ ਹੁਣ ਤੱਕ ਆਪਣੇ ਮੋਟਰਸਾਈਕਲ ਦੀ ਭਾਲ ਕਰਦਾ ਰਿਹਾ ਤੇ ਪਤਾ ਲੱਗਾ ਕਿ ਉਸਦੇ ਮੋਟਰਸਾਈਕਲ ਦੀ ਖੋਹ ਜਰਨੈਲ ਸਿੰਘ ਉਰਫ ਜੈਲਾ ਪੁੱਤਰ ਜਸਵੀਰ ਸਿੰਘ ਵਾਸੀ ਚਾਂਦਪੁਰ ਰੁੜਕੀ ਥਾਣਾ ਪੋਜੇਵਾਲ ਜਿਲਾਂ ਸ਼ਹੀਦ ਭਗਤ ਸਿੰਘ ਨਗਰ ਅਤੇ ਇਸ ਨਾਲ ਦੋ ਹੋਰ ਨਾਮਾਲੂਮ ਨੌਜਵਾਨਾਂ ਨੇ ਕੀਤੀ ਹੈ।ਜਿਸ ਤੇ ਉਕਤ ਮੁਕੱਦਮਾ ਦਰਜ ਰਜਿਸਟਰ ਕੀਤਾ ਗਿਆ।

# ਬੇਦੀ ਗਾਰਮੈਂਟਸ ਵਲੋਂ ਖੋਲੇ ਗਏ ਨਵੇਂ ਸ਼ੋਅ—ਰੂਮ ਦਾ ਹੋਇਆ ਉਦਘਾਟਨ






ਸ੍ਰੀ ਅਨੰਦਪੁਰ ਸਾਹਿਬ (ਦਵਿੰਦਰਪਾਲ ਸਿੰਘ)
ਇੱਥੋਂ ਦੇ ਸ੍ਰੀ ਅਨੰਦਪੁਰ ਸਾਹਿਬ—ਨੰਗਲ ਮੁੱਖ ਮਾਰਗ ਤੇ ਸਥਿਤ ਨਵੇਂ ਖੁੱਲੇ ਸ਼ੋਅ—ਰੂਮ ਬੇਦੀ ਗਾਰਮੈਂਟਸ ਦੀ ਸੂ□ਰੂਆਤ ਗੁਰਮਤਿ ਸਮਾਗਮ ਤੋਂ ਬਾਅਦ ਕਰ ਦਿੱਤੀ ਗਈ। ਦੱਸਣਯੋਗ ਹੈ ਕਿ ਇਸ ਦੁਕਾਨ ਪੁੱਡਾ ਮਾਰਕੀਟ ਵਿੱਚ ਵੀ ਸਥਿਤ ਹੈ। ਅਤੇ ਹੁਣ ਇਹ ਸੋ□ਅ—ਰੂਮ ਦੋਨਾਂ ਥਾਵਾਂ ਤੇ ਇਲਾਕਾ ਵਾਸੀਆਂ ਨੂੰ ਗੁਣਵੱਤਾ ਭਰਪੂਰ ਅਤੇ ਘੱਟ ਕੀਮਤ ਤੇ ਰੈਡੀਮੇਡ ਕੱਪੜੇ ਮੁਹੱਈਆ ਕਰਵਾਏਗਾ। ਅਰੰਭਤਾ ਦੀ ਅਰਦਾਸ ਭਾਈ ਅਮਨਦੀਪ ਸਿੰਘ ਵਲੋਂ ਕੀਤੀ ਗਈ। ਜਦੋਂਕਿ ਭਾਈ ਚਰਨਪ੍ਰੀਤ ਸਿੰਘ ਦੇ ਜਥੇ ਵਲੋਂ ਕੀਰਤਨ ਕੀਤਾ ਗਿਆ। ਇਸ ਸਬੰਧੀ ਸੋ□ਅ—ਰੂਮ ਦੇ ਮਾਲਕ ਹਰਪ੍ਰੀਤ ਸਿੰਘ ਬੇਦੀ ਨੇ ਦੱਸਿਆ ਕਿ ਸ਼ੋਅ—ਰੂਮ ਦੇ ਖੁੱਲਣ ਨਾਲ ਸ੍ਰੀ ਅਨੰਦਪੁਰ ਸਾਹਿਬ ਦੇ ਨੇੜਲੇ ਇਲਾਕਿਆਂ ਦੇ ਨਾਲ—ਨਾਲ ਬਿਲਾਸਪੁਰ ਅਤੇ ਨਾਲਾਗੜ੍ਹ ਦੇ ਲੋਕਾਂ ਨੂੰ ਵੀ ਵੱਡਾ ਲਾਭ ਮਿਲੇਗਾ। ਅਤੇ ਇਹਨਾ ਲੋਕਾਂ ਨੂੰ ਹੁਣ ਸ਼ੋਅ—ਰੂਮ ਨੂੰ ਲੱਭਣ ਅਤੇ ਪਾਰਕਿੰਗ ਸਬੰਧੀ ਵੀ ਕੋਈ ਮੁਸ਼ਕਿਲ ਪੇਸ਼ ਨਹੀਂ ਆਵੇਗੀ। ਉਨ੍ਹਾ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ।

ਇਸ ਮੌਕੇ ਵਪਾਰ ਮੰਡਲ ਦੇ ਪ੍ਰਧਾਨ ਇੰਦਰਜੀਤ ਸਿੰਘ ਅਰੋੜਾ, ਪ੍ਰਿਤਪਾਲ ਸਿੰਘ ਗੰਡਾ, ਜ਼ਸਵੀਰ ਸਿੰਘ ਅਰੋੜਾ, ਜਥੇਦਾਰ ਸੰਤੋਖ ਸਿੰਘ, ਨਗਰ ਕੌਸ਼ਲ ਦੇ ਸਾਬਕਾ ਪ੍ਰਧਾਨ ਮਹਿੰਦਰ ਸਿੰਘ ਵਾਲੀਆ, ਗਜਲ ਗਾਇਕ ਸੁਨੀਲ ਡੋਗਰਾ, ਅਨੀਤਾ ਡੋਗਰਾ, ਰੰਗ ਕਰਮੀ ਰਾਜ ਘਈ, ਜਤਿੰਦਰ ਸਿੰਘ, ਮਹਿੰਦਰਮੋਹਨ ਸਿੰਘ, ਬਲਾਕ ਪ੍ਰਧਾਨ ਪ੍ਰੇਮ ਸਿੰਘ ਬਾਸੋਵਾਲ, ਸ਼ਮਸ਼ੇਰ ਸਿੰਘ, ਅਸ਼ਵਨੀ ਕੁਮਾਰ, ਸਾਬਕਾ ਕੌਂਸਲਰ ਨਰਿੰਦਰ ਸੈਣੀ, ਡਾ. ਆਤਮਾ ਸਿੰਘ ਰਾਣਾ, ਆਤਮਾ ਸਿੰਘ ਘੱਟੀਵਾਲ, ਵਿਜੇ ਗਰਚਾ, ਰਾਜ ਕੁਮਾਰ ਸੈਣੀ, ਗੁਰਕੀਰਤ ਸਿੰਘ ਬਚਨ, ਜਰਨੈਲ ਸਿੰਘ ਗੁੰਬਰ, ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜਰ ਸਨ।

# ਸਮੂਹ ਅਦਾਰਿਆਂ, ਦਫ਼ਤਰਾਂ ਅਤੇ ਦੁਕਾਨਾਂ ਆਦਿ ਦੇ ਨਾਮ ਪੰਜਾਬੀ ਵਿਚ ਲਿਖਵਾਉਣੇ ਲਾਜ਼ਮੀ : ਜ਼ਿਲ੍ਹਾ ਭਾਸ਼ਾ ਅਫ਼ਸਰ

ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ)ਜ਼ਿਲ੍ਹਾ ਭਾਸ਼ਾ ਅਫ਼ਸਰ, ਸ਼ਹੀਦ ਭਗਤ ਸਿੰਘ ਨਗਰ ਹਰਕੀਰਤ ਸਿੰਘ ਨੇ ਦੱਸਿਆ ਕਿ ਪੰਜਾਬ ਰਾਜ ਵਿਚ ਪੰਜਾਬ ਰਾਜ ਭਾਸ਼ਾ (ਸੋਧ) ਐਕਟ, 2021 ਲਾਗੂ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਅਧੀਨ ਆਉਂਦੇ ਸਮੂਹ ਸਰਕਾਰੀ/ਅਰਧ ਸਰਕਾਰੀ ਅਤੇ ਪ੍ਰਾਈਵੇਟ ਅਦਾਰਿਆਂ/ਦਫ਼ਤਰਾਂ/ ਦੁਕਾਨਾਂ/ ਉਦਯੋਗਾਂ/ਕਾਰਖਾਨਿਆਂ ਆਦਿ ਦੇ ਨਾਮ ਸਭ ਤੋਂ ਉੱਪਰ ਮਾਤ ਭਾਸ਼ਾ ਪੰਜਾਬੀ (ਗੁਰਮੁਖੀ ਲਿਪੀ) ਵਿਚ ਵੱਡੇ ਅੱਖਰਾਂ ਵਿਚ ਲਿਖਵਾਉਣੇ ਲਾਜ਼ਮੀ ਹਨ। ਉਨ੍ਹਾਂ ਕਿਹਾ ਕਿ ਜੇਕਰ ਹੋਰ ਭਾਸ਼ਾ ਵਿਚ ਨਾਮ ਲਿਖਵਾਉਣਾ ਹੈ ਤਾਂ ਮਾਤ ਭਾਸ਼ਾ ਪੰਜਾਬੀ ਵਿਚ ਲਿਖੇ ਹੋਏ ਨਾਮ ਦੇ ਹੇਠਾਂ ਛੋਟੇ ਅੱਖਰਾਂ ਵਿਚ ਲਿਖਵਾਇਆ ਜਾਵੇ

# ਸ੍ਰੀਮਤੀ ਰੇਨੂ ਕੌਰ ਨੇ ਵੀ ਪਿੰਡ ਰੂੜਗੜ ਦੀ ਰਿਜ਼ਰਵ ਸੀਟ ਤੋਂ ਚੋਣ ਲੜਨ ਦਾ ਬਿਗਲ ਵਜਾਇਆ

## ਨਗਰ ਦੇ ਸਹਿਯੋਗ ਨਾਲ ਪਿੰਡ ਦੀ ਕਾਇਆ ਕਲਪ ਕਰਨ ਵਿੱਚ ਕੋਈ ਕਸਰ ਨਹੀਂ ਛੱਡਾਂਗੇ



ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਪਿੰਡ ਰੂੜਗੜ ਦੀ ਹੋਈ ਸਰਪੰਚੀ ਲਈ ਰਿਜ਼ਰਵ ਸੀਟ ਤੋਂ ਪੜੇ ਲਿਖੇ ਸੁਲਝੇ ਹੋਏ ਉਮੀਦਵਾਰ ਸ੍ਰੀਮਤੀ ਰੇਨੂ ਕੌਰ ਨੇ ਵੀ ਚੋਣ ਲੜਨ ਦਾ ਬਿਗਲ ਬਜਾ ਦਿੱਤਾ ਹੈ।

ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀਮਤੀ ਰੇਨੂ ਕੌਰ ਨੇ ਕਿਹਾ ਹੈ ਕਿ ਸਮੁੱਚੇ ਨਗਰ ਵੱਲੋਂ ਉਨਾਂ ਨੂੰ ਵੱਡਾ ਭਰੋਸਾ ਦੇ ਕੇ ਸਰਪੰਚੀ ਦੀ ਇਸ ਚੋਣ ਲਈ ਉਮੀਦਵਾਰ ਬਣਾਇਆ ਹੈ ਕਿਉਂਕਿ ਉਨਾਂ ਦਾ ਸਮੁੱਚਾ ਪਰਿਵਾਰ ਸ਼ੁਰੂ ਤੋਂ ਹੀ ਸਮਾਜ ਸੇਵਾ ਨਸਿਆਂ ਪੱਤਿਆਂ ਤੋਂ ਰਹਿਤ ਅਤੇ ਲੋੜਵੰਦ ਪਰਿਵਾਰਾਂ ਨਾਲ ਖੜਨ ਵਾਲਾ ਹੈ। ਉਹਨਾਂ ਕਿਹਾ ਕਿ ਭਾਵੇਂ ਸਾਰੀਆਂ ਪੰਚਾਇਤਾਂ ਨੇ ਹੀ ਪਿੰਡ ਅੰਦਰ ਚੰਗੇ ਕੰਮ ਕੀਤੇ ਹਨ ਫਿਰ ਵੀ ਕੰਮ ਕਦੇ ਮੁੱਕਿਆ ਨਹੀਂ ਕਰਦੇ। ਨਗਰ ਦੇ ਰੱਬ ਵਰਗੇ ਵੋਟਰਾਂ ਦੇ ਮਿਲੇ ਹੌਸਲੇ ਅਤੇ ਸਮਰੱਥਨ ਕਾਰਨ ਉਹ ਚੋਣ ਮੈਦਾਨ ਵਿੱਚ ਨਿਤਰੇ ਹਨ। ਉਹਨਾਂ ਦੱਸਿਆ ਹੈ ਕਿ ਪਿੰਡ ਵਿੱਚੋਂ ਨਸ਼ਿਆਂ ਦਾ ਖਾਤਮਾਂ, ਸ਼ਾਨਦਾਰ ਪਾਰਕ, ਪਲੀਤ ਹੋ ਰਹੇ ਵਾਤਾਵਰਨ ਨੂੰ ਹਰਿਆ ਭਰਿਆ ਬਣਾਉਣ ਲਈ ਫਲ ਅਤੇ ਸ਼ਾਨਦਾਰ ਬੂਟੇ ਲਗਾਉਣਾ, ਪਿੰਡ ਅੰਦਰ ਸੀਵਰੇਜ ਦਾ ਪ੍ਰਬੰਧ ਕਰਨ ਤੋਂ ਇਲਾਵਾ ਸਮੇਂ ਸਮੇਂ ਸਿਰ ਸਰਕਾਰ ਦੀਆਂ ਸਕੀਮਾਂ ਨੂੰ ਬਿਨਾਂ ਕਿਸੇ ਪੱਖਪਾਤ ਤੋਂ ਹਰ ਇੱਕ ਵੋਟਰ ਤੱਕ ਪਹੁੰਚਾਉਣਾ ਉਹਨਾਂ ਦਾ ਮੁੱਖ ਮਕਸਦ ਹੋਵੇਗਾ। ਉਨਾਂ ਨਗਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਇੱਕੋ ਇੱਕ ਕੀਮਤੀ ਵੋਟ ਉਹਨਾਂ ਨੂੰ ਦੇ ਕੇ ਪਿੰਡ ਦੀ ਸੇਵਾ ਕਰਨ ਦਾ ਮੌਕਾ ਦੇਣ। ਦੱਸ ਦਈਏ ਕਿ ਉਹਨਾਂ ਦੇ ਪਤੀ ਭਾਈ ਸੁਖਪਾਲ ਸਿੰਘ ਅਤੇ ਵੱਡੇ ਭਰਾ ਬਾਬਾ ਪ੍ਰਿਤਪਾਲ ਸਿੰਘ ਹੁਰੀ ਸ਼ੁਰੂ ਤੋਂ ਹੀ ਮਨੁੱਖਤਾ ਅਤੇ ਮਾਨਵਤਾ ਵਾਲੀ ਸੋਚ ਰੱਖਦੇ ਹਨ। ਇਸ ਪਰਿਵਾਰ ਨੇ ਅਨੇਕਾਂ ਨੌਜਵਾਨਾਂ ਦਾ ਨਸ਼ੇ ਵਰਗੀਆਂ ਭੈੜੀਆਂ ਅਲਾਮਤਾਂ ਤੋਂ ਖਹਿੜਾ ਛੁਡਵਾ ਕੇ ਗੁਰੂ ਗ੍ਰੰਥ ਸਾਹਿਬ ਨਾਲ ਜੋੜਨ ਦਾ ਉਪਰਾਲਾ ਲਗਾਤਾਰ ਕਰਦੇ ਆ ਰਹੇ ਹਨ।

# ਨੈਸ਼ਨਲ ਡੇਂਗੂ ਕੰਟਰੋਲ ਪ੍ਰੋਗਰਾਮ ਤਹਿਤ ਜ਼ਿਲ੍ਹਾ ਟਾਸਕ ਫੋਰਸ ਦੀ ਬੁਲਾਈ ਮੀਟਿੰਗ




ਅੰਮ੍ਰਿਤਸਰ, (ਲੋਕ ਬਾਣੀ)- ਜ਼ਿਲ੍ਹਾ ਕੰਪਲੈਕਸ ਅੰਮ੍ਰਿਤਸਰ ਵਿਖੇ ਵੈਸ਼ਨਲ ਡੇਂਗੂ ਕੰਟਰੋਲ ਪ੍ਰੋਗਰਾਮ ਤਹਿਤ ਦੇ ਸਬੰਧ ਵਿੱਚ ਜ਼ਿਲ੍ਹਾ ਟਾਸਕ ਫੌਰਸ ਦੀ ਮੀਟਿੰਗ ਬੁਲਾਈ ਗਈ। ਜਿਸ ਦੀ ਪ੍ਰਧਾਨਗੀ ਵਧੀਕ ਡਿਪਟੀ ਕਮਿਸ਼ਨਰ ਜੋਤੀ ਬਾਲਾ ਜੀ ਵੱਲੋ ਕੀਤੀ ਗਈ। ਇਸ ਅਵਸਰ ਤੇ ਸਿਵਲ ਸਰਜਨ ਡਾ.ਕਿਰਨਦੀਪ ਕੌਰ ਦੀ ਅਗਵਾਈ ਹੇਠਾਂ ਸਿਹਤ ਵਿਭਾਗ, ਨਗਰ ਨਿਗਮ ਅੰਮ੍ਰਿਤਸਰ,ਲੋਕਲ ਬਾਡੀ ਵਿਭਾਗ, ਪੰਜਾਬ ਰੋਡਵੇਜ, ਸਿੱਖਿਆ ਵਿਭਾਗ,ਵਾਟਰ ਸਪਲਾਈ ਤੇ ਸੈਨੀਟੇਸ਼ਨ ਵਿਭਾਗ,ਮੈਡੀਕਲ ਕਾਲਜ (ਸਰਕਾਰੀ ਅਤੇ ਪ੍ਰਈਵੇਟ),ਆਈ.ਐਮ.ਏ, ਮੱਛੀ ਪਾਲਣ ਵਿਭਾਗ,ਫੂਡ ਸਪਲਾਈ ਵਿਭਾਗ,ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਪਸ਼ੂ ਪਾਲਣ ਵਿਭਾਗ,ਪੰਜਾਬ ਮੰਡੀ ਬੋਰਡ, ਸਮਾਜਿਕ ਸੁਰੱਖਿਆ ਤੇ ਇਸਤਰੀ ਵਿਕਾਸ ਵਿਭਾਗ ਅਤੇ ਖੇਤੀਬਾੜੀ ਵਿਭਾਗ ਦੇ ਨੁਮਾਂਇਦਿਆਂ ਨੇ ਸ਼ਮੂਲਿਅਤ ਕੀਤੀ। ਵਧੀਕ ਡਿਪਟੀ ਕਮਿਸ਼ਨਰ ਜੋਤੀ ਬਾਲਾ ਨੇ ਇਸ ਮੋਕੇ ਸਾਰੇ ਵਿਭਾਗਾਂ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੇ ਡੇਂਗੂ ਸੀਜ਼ਨ ਨੂੰ ਮੱਖ ਰੱਖਦਿਆ ਜਾਗਰੂਕਤਾ ਗਤੀਵਿਧੀਆਂ ਅਰੰਭ ਕਰ ਦੇਣ ਅਤੇ ਸਿਹਤ ਵਿਭਾਗ ਨੂੰ ਸਹਿਯੋਗ ਕਰਨ। ਸਿਵਲ ਸਰਜਨ ਡਾ.ਕਿਰਨਦੀਪ ਕੌਰ ਨੇ ਡੇਗੂ ਅਤੇ ਚਿਕਨਗੁਨੀਆਂ ਦੀ ਬੀਮਾਰੀਆਂ ਬਾਰੇ ਬਹੁਤ ਵਿਸਥਾਰ ਢੰਗ ਨਾਲ ਦੱਸਿਆ ਅਤੇ ਕਿਹਾ ਕਿ ਡੇਗੂ ਤੋ ਬੱਚਣ ਲਈ ਸਭ ਤੋ ਜਿਆਦਾ ਜਰੂਰੀ ਹੈ ਕਿ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ ਅਤੇ ਕਿਸੇ ਵੀ ਜਗ੍ਹਾ ਤੇ ਪਾਣੀ ਇਕੱਠਾ ਨਾਂ ਹੋਣ ਦਿੱਤਾ ਜਾਵੇ। ਇਸ ਲਈ ਇਹ ਜਰੂਰੀ ਹੈ ਕਿ ਸਾਰੇ ਵਿਭਾਗ ਮਿਲ ਕੇ ਆਪਣੇ-ਆਪਣੇ ਅਧਿਕਾਰ ਖੇਤਰ ਅੰਦਰ ਡੇਂਗੂ ਬਾਰੇ ਸਰਕਾਰੀ ਗਾਈਡ-ਲਾਈਨਾਂ ਦੀ ਪਾਲਣਾਂ ਯਕੀਨੀ ਬਣਾਓਣ ਅਤੇ ਡੇਂਗੂ ਸੰਬਧੀ ਵੱਧ ਤੋਂ ਵੱਧ ਜਾਗਰੂਕਤਾ ਫੈਲਾਓਣ। ਜ਼ਿਲ੍ਹਾ ਐਪੀਡਿਮੋਲੋਜਿਸਟ ਡਾ.ਹਰਜੋਤ ਕੌਰ ਨੇ ਇਸ ਮੌਕੇ ਤੇ ਵੱਖ-ਵੱਖ ਵਿਭਾਗਾਂ ਭੂਮਿਕਾ ਅਤੇ ਜਿੰਮੇਵਾਰੀਆਂ ਬੜੇ ਵਿਸਥਾਰ ਨਾਲ ਦੱਸਿਆ। ਇਸ ਅਵਸਰ ਤੇ ਸਮੂਹ ਪ੍ਰੋਗਰਾਮ ਅਫਸਰ, ਸਮੂਹ ਸੀਨੀਅਰ ਮੈਡੀਕਲ ਅਫਸਰ, ਏ.ਐਮ.ਓ. ਰਾਮ ਮਹਿਤਾ, ਐਸ. ਆਈ. ਗੁਰਦੇਵ ਸਿੰਘ, ਸੁਖਦੇਵ ਸਿੰਘ, ਹਰਕੰਮਲ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਨੁਮਾਇਦੇ ਮੌਜੂਦ ਸਨ ।

# ਝੋਨੇ ਦੀ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਨੂੰ ਮੰਡੀਆਂ ਚ ਕਿਸੇ ਵੀ ਤਰ੍ਹਾਂ ਦੀ ਔਕੜ ਨਹੀਂ ਆਉਣ ਦਿੱਤੀ ਜਾਵੇਗੀ - ਡੀ.ਸੀ ਜਤਿੰਦਰ ਜੋਰਵਾਲ

## ਡੀ.ਸੀ ਜੋਰਵਾਲ ਵੱਲੋਂ ਏਸ਼ੀਆ ਦੀ ਸਭ ਤੋਂ ਵੱਡੀ ਦਾਣਾ ਮੰਡੀ ਖੰਨਾ ਚ ਝੋਨੇ ਦੀ ਖਰੀਦ ਸ਼ੁਰੂ ਕਰਵਾਈ




ਖੰਨਾ/ਲੁਧਿਆਣਾ, (ਸੁਖਚੈਨ ਮਹਿਰਾ) - ਝੋਨੇ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਏਸ਼ੀਆਂ ਦੀ ਸਭ ਤੋਂ ਵੱਡੀ ਦਾਣਾ ਮੰਡੀ ਖੰਨਾ ਵਿਖੇ ਝੋਨੇ ਦੀ ਖਰੀਦ ਸ਼ੁਰੂ ਕਰਵਾਉਣ ਮੌਕੇ ਕੀਤਾ।

ਸ੍ਰੀ ਜੋਰਵਾਲ ਦੱਸਿਆ ਕਿ ਸਰਕਾਰ ਵਲੋਂ ਝੋਨੇ ਦੇ ਖ਼ਰੀਦ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਤੇ ਕਿਸਾਨਾਂ ਨੂੰ ਮੰਡੀਆਂ ਵਿਚ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਬਿਜਲੀ, ਪਾਣੀ ਆਦਿ ਸਮੇਤ ਪਖਾਨਿਆਂ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ ਤੇ ਮੰਡੀਆਂ ਦੇ ਮੁੱਖ ਗੇਟਾਂ ਤੇ ਸੇਵਾਦਾਰਾਂ ਦੀ ਡਿਊਟੀ ਲਗਾ ਝੋਨੇ ਦੀ ਨਮੀ ਵੀ ਚੈੱਕ ਕੀਤੀ ਜਾਵੇਗੀ, ਰੋਜ਼ਾਨਾ ਝੋਨੇ ਦੀ ਖ਼ਰੀਦ ਕੀਤੀ ਜਾਵੇਗੀ ਉਸ ਦੀ ਅਦਾਇਗੀ ਸਿੱਧੀ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਚਲੀ ਜਾਵੇਗੀ। ਉਹਨਾਂ ਕਿਹਾ ਕਿ ਖਰੀਦ ਕੀਤੇ ਝੋਨੇ ਦੀ ਲਿਫਟਿੰਗ ਲਗਾਤਾਰ ਹੁੰਦੀ ਰਹੇਗੀ।

ਸ੍ਰੀ ਜਤਿੰਦਰ ਜੋਰਵਾਲ ਨੇ ਕਿਹਾ ਕਿ ਉਹ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਜੀ ਵੱਲੋਂ ਦਿੱਤੇ ਨਿਰਦੇਸ਼ਾਂ ਦੇ ਮੁਤਾਬਕ ਜ਼ਿਲ੍ਹਾ ਲੁਧਿਆਣਾ ਦੀਆਂ ਅਨਾਜ ਮੰਡੀਆਂ ਦਾ ਦੌਰਾ ਕਰਕੇ ਉੱਥੇ ਚੱਲ ਰਹੇ ਝੋਨੇ ਦੇ ਖਰੀਦ ਪ੍ਰਬੰਧਾਂ ਨੂੰ ਚੈਕ ਕਰਦੇ ਰਹਿਣਗੇ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਨਾਜ ਮੰਡੀਆਂ ਵਿੱਚ ਝੋਨੇ ਦੀ ਖਰੀਦ ਦੇ ਬਹੁਤ ਵਧੀਆ ਪ੍ਰਬੰਧ ਕੀਤੇ ਗਏ ਹਨ। ਉਹਨਾਂ ਕਿਹਾ ਕਿ ਮੰਡੀ ਵਿੱਚ ਝੋਨਾ ਲੈ ਕੇ ਆ ਰਹੇ ਕਿਸੇ ਵੀ ਕਿਸਾਨ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਉਹਨਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ ਤਾਂ ਜੋ ਤੁਰੰਤ ਖਰੀਦ ਹੋ ਸਕੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਖੰਨਾ ਮੈਡਮ ਸ਼ਿਖਾ ਭਗਤ, ਐਸ. ਡੀ.ਐਮ. ਖੰਨਾ ਡਾ. ਬਲਜਿੰਦਰ ਸਿੰਘ ਢਿੱਲੋਂ, ਸਹਾਇਕ ਕਮਿਸ਼ਨਰ (ਅੰਡਰ ਟ੍ਰੇਨਿੰਗ) ਮੈਡਮ ਕ੍ਰਿਤਿਕਾ ਗੋਇਲ, ਜ਼ਿਲ੍ਹਾ ਖ਼ੁਰਾਕ ਸਪਲਾਈ ਕੰਟਰੋਲਰ ਸ੍ਰੀਮਤੀ ਸਿਫਾਲੀ ਚੋਪੜਾ, ਜ਼ਿਲ੍ਹਾ ਮੰਡੀ ਅਫ਼ਸਰ ਸ੍ਰੀ ਗੁਰਮਿਤ ਪਾਲ ਸਿੰਘ, ਡੀ.ਐਫ. ਐਸ.ਓ ਸ੍ਰੀ ਨਰਿੰਦਰ ਸਿੰਘ, ਏ.ਐਫ. ਐਸ.ਓ ਸ੍ਰੀ ਅਮਰਜੀਤ ਸਿੰਘ, ਸਕੱਤਰ ਮਾਰਕੀਟ ਕਮੇਟੀ ਸ੍ਰੀ ਮਨਜਿੰਦਰ ਸਿੰਘ, ਸ੍ਰੀ ਭੁਪਿੰਦਰ ਸਿੰਘ ਸੌਂਦ,ਆੜ੍ਹਤੀਆ ਐਸੋਸੀਏਸ਼ਨ ਖੰਨਾ ਦੇ ਪ੍ਰਧਾਨ ਸ. ਹਰਬੰਸ ਸਿੰਘ ਰੋਸ਼ਾ, ਰਾਈਸ ਮਿੱਲ ਐਸੋਸੀਏਸ਼ਨ ਦੇ ਪ੍ਰਧਾਨ ਸ. ਗੁਰਦਿਆਲ ਸਿੰਘ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਚੋਰੀ ਦੇ 05 ਮੋਟਰਸਾਈਕਲ,01 ਸਕੂਟਰੀ ਸਮੇਤ 04 ਨੌਜਵਾਨ ਕਾਬੂ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਸ੍ਰੀਮਤੀ ਵਤਸਲਾ ਗੁਪਤਾ ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਵਲੋ ਮਾੜੇ ਅਨਸਰਾ ਨੂੰ ਗ੍ਰਿਫਤਾਰ ਕਰਨ ਲਈ ਚਲਾਈ ਮੁਹਿੰਮ ਤਹਿਤ, ਸ੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਿਸ ਕਪਤਾਨ ਸਬ-ਡਵੀਜਨ ਫਗਵਾੜਾ ਅਤੇ ਸ੍ਰੀ ਭਾਰਤ ਭੂਸ਼ਨ ਉਪ-ਪੁਲਿਸ ਕਪਤਾਨ ਸਬ ਡਵੀਜਨ ਫ਼ਗਵਾੜਾ ਅਤੇ ਇੰਸਪੈਕਟਰ ਗੌਰਵ ਧੀਰ 411/ਜੇਆਰ ਮੁੱਖ ਅਫਸਰ ਥਾਣਾ ਸਤਨਾਮਪੁਰਾ ਫਗਵਾੜਾ ਦੀ ਯੋਗ ਅਗਵਾਈ ਹੇਠ ਏ.ਐਸ.ਆਈ ਸਰਬਜੀਤ ਸਿੰਘ ਨੰਬਰ 1180/ਕਪੂ ਸਮੇਤ ਸਾਥੀ ਕਰਮਚਾਰੀਆ ਦੀ ਮਦਦ ਨਾਲ ਲਵਪ੍ਰੀਤ ਸਿੰਘ ਪੁੱਤਰ ਅਮਨਦੀਪ ਸਿੰਘ ਵਾਸੀ ਬੋਕੜ ਡੋਗਰਾ ਥਾਣਾ ਲਾਡੋਵਾਲ ਜਿਲਾ ਲੁਧਿਆਣਾ ਦੇ ਖਿਲਾਫ ਮੁਕੱਦਮਾ ਨੰਬਰ 127 ਮਿਤੀ 03.10.2024 ਅ/ਧ 303(2),317 (2) BNS ਥਾਣਾ ਸਤਨਾਮਪੁਰਾ ਜ਼ਿਲ੍ਹਾ ਕਪੂਰਥਲਾ ਦੇ ਖਿਲਾਫ ਦਰਜ ਰਜਿਸਟਰ ਕਰਕੇ ਦੋਸ਼ੀ ਉਕਤ ਨੂੰ ਮੁਕੱਦਮਾ ਵਿੱਚ ਗ੍ਰਿਫਤਾਰ ਕੀਤਾ ਗਿਆ ਜਿਸ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ 02 ਦਿਨ ਦਾ ਪੁਲਿਸ ਰਿਮਾਡ ਹਾਸਲ ਕੀਤਾ ਗਿਆ ਗਿਆ ਸੀ ਜਿਸਨੇ ਦੋਰਾਨੇ ਫਰਦ ਇਕਸ਼ਾਫ ਕੀਤਾ ਕਿ ਉਹ ਦੀਪਕ ਉਰਫ ਦੀਪੂ ਪੁੱਤਰ ਪ੍ਰਵੀਨ ਕੁਮਾਰ ਵਾਸੀ ਮੁਹੱਲਾ ਭਗਤਪੁਰਾ ਗਲੀ ਨੰਬਰ 04 ਥਾਣਾ ਸਤਨਾਮਪੁਰਾ ਫਗਵਾੜਾ,ਚੇਤਨ ਪੁੱਤਰ ਅਨੀਲ ਵਾਸੀ ਮੁਹੱਲਾ ਭਗਤਪੁਰਾ ਗਲੀ ਨੰਬਰ 03 ਥਾਣਾ ਸਤਨਾਮਪੁਰਾ ਫਗਵਾੜਾ ਅਤੇ ਅੰਚਿਤ ਪੁੱਤਰ ਦਨੇਸ਼ ਸ਼ਰਮਾ ਵਾਸੀ ਮੁਹੱਲਾ ਭਗਤਪੁਰਾ ਗਲੀ ਨੰਬਰ 02 ਥਾਣਾ ਸਤਨਾਮਪੁਰਾ ਫਗਵਾੜਾ ਨਾਲ ਰਲ ਕੇ ਚੋਰੀਆ ਕਰਦੇ ਹਨ ਜਿਸ ਤੇ ਦੀਪਕ ਉਰਫ ਦੀਪੂ,ਚੇਤਨ ਅਤੇ ਅੰਚਿਤ ਨੂੰ ਮੁਕੱਦਮਾ ਉਕਤ ਵਿੱਚ ਨਾਮਜਦ ਕਰਕੇ ਗ੍ਰਿਫਤਾਰ ਕਰਨ ਉਪਰੰਤ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਇੱਕ ਦਿਨ ਦਾ ਪੁਲਿਸ ਰਿਮਾਡ ਹਾਸਲ ਕੀਤਾ ਜਿਨਾ ਦੇ ਕੀਤੇ ਫਰਦ ਇੰਕਸ਼ਾਫ ਮੁਤਾਬਕ ਚੋਰੀ ਸ਼ੁਦਾ 05 ਮੋਟਰਸਾਈਕਲ ਬਿਨਾ ਨੰਬਰੀ ਅਤੇ ਇੱਕ ਸਕੂਟਰੀ ਬਿਨਾ ਨੰਬਰੀ ਬ੍ਰਾਮਦ ਕੀਤੀ ਗਈ

ਰੋਜ਼ਾਨਾ ਲੋਕ ਬਾਣੀ www.lokbani

# ਫਗਵਾੜਾ 'ਚ ਹੋਈ ਇੰਟਕ ਯੂਨੀਅਨ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ





ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਇੰਟਕ ਯੂਨੀਅਨ ਕਾਂਗਰਸ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ ਜੇ.ਸੀ.ਟੀ ਮਿੱਲ ਫਗਵਾੜਾ ਦੇ ਕਮਿਊਨਿਟੀ ਹਾਲ ਵਿੱਚ ਹੋਈ। ਯੂਨੀਅਨ ਦੇ ਪੰਜਾਬ ਪ੍ਰਧਾਨ ਸੁਰਿੰਦਰ ਸ਼ਰਮਾ ਦੀ ਪ੍ਰਧਾਨਗੀ ਹੇਠ ਆਯੋਜਿਤ ਇਸ ਮੀਟਿੰਗ ਵਿੱਚ ਹਲਕਾ ਵਿਧਾਇਕ ਤੇ ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਮੀਟਿੰਗ ਦੌਰਾਨ ਮਿੱਲ ਮਾਲਕਾਂ ਅਤੇ ਪ੍ਰਬੰਧਕਾਂ ਵੱਲੋਂ ਜੇ.ਸੀ.ਟੀ ਮਿੱਲ ਵਰਕਰਾਂ ਨਾਲ ਕੀਤੀ ਜਾ ਰਹੀ ਧੱਕੇਸ਼ਾਹੀ ਸਮੇਤ ਵੱਖ-ਵੱਖ ਮੁੱਦਿਆਂ 'ਤੇ ਡੂੰਘਾਈ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਪੰਜਾਬ ਪ੍ਰਧਾਨ ਸੁਰਿੰਦਰ ਸ਼ਰਮਾ ਨੇ ਮਿੱਲ ਮਾਲਕਾਂ ਸਮੀਰ ਥਾਪਰ ਅਤੇ ਮੁਕਲਿਕਾ ਸਿਨਹਾ ਨੂੰ ਸਪੱਸ਼ਟ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਕਿ ਮਿੱਲ ਮਜ਼ਦੂਰਾਂ ਦੀਆਂ ਮੰਗਾਂ ਸਮੇਂ ਸਿਰ ਮੰਨੀਆਂ ਜਾਣ ਨਹੀਂ ਤਾਂ ਤਿੱਖਾ ਅੰਦੋਲਨ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਮਿੱਲ ਮਾਲਕਾਂ ਨੇ ਜਲਦੀ ਹੀ ਮਜ਼ਦੂਰਾਂ ਨੂੰ ਉਨ੍ਹਾਂ ਦੇ ਹੱਕ ਨਾ ਦਿੱਤੇ ਤਾਂ ਪੰਜਾਬ ਭਰ ਦੀਆਂ ਇੰਟਕ ਯੂਨੀਅਨਾਂ ਦੇ ਵਰਕਰ ਅਤੇ ਅਧਿਕਾਰੀ ਮਿੱਲ ਅੱਗੇ ਧਰਨਾ ਦੇਣ ਲਈ ਮਜਬੂਰ ਹੋਣਗੇ। ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਇੰਟਕ ਕਾਂਗਰਸ ਪਾਰਟੀ ਦੀ ਮਜ਼ਬੂਤ ਇਕਾਈ ਹੈ। ਕਾਂਗਰਸ ਪਾਰਟੀ ਪਹਿਲਾਂ ਵੀ ਹਰ ਸੰਘਰਸ਼ ਵਿੱਚ ਸਹਿਯੋਗ ਦਿੰਦੀ ਰਹੀ ਹੈ ਅਤੇ ਭਵਿੱਖ ਵਿੱਚ ਵੀ ਸਹਿਯੋਗ ਦਿੰਦੀ ਰਹੇਗੀ। ਉਨ੍ਹਾਂ ਮਿੱਲ ਕਾਮਿਆਂ ਦੀਆਂ ਮੰਗਾਂ ਨੂੰ ਬਿਲਕੁਲ ਜਾਇਜ਼ ਦੱਸਦਿਆਂ ਕਿਹਾ ਕਿ ਮਜ਼ਦੂਰਾਂ ਨੂੰ ਉਨ੍ਹਾਂ ਦਾ ਪਸੀਨਾ ਸੁੱਕਣ ਤੋਂ ਪਹਿਲਾਂ ਮਿਹਨਤ ਦਾ ਮੁਆਵਜ਼ਾ ਦਿੱਤਾ ਜਾਣਾ ਚਾਹੀਦਾ ਹੈ ਪਰ ਦੁੱਖ ਦੀ ਗੱਲ ਹੈ ਕਿ ਜੇ.ਸੀ.ਟੀ ਮਿੱਲ ਦੇ ਮਜ਼ਦੂਰ ਪਿਛਲੇ ਲੰਮੇ ਸਮੇਂ ਤੋਂ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਹਨ ਅਤੇ ਸੂਬਾ ਸਰਕਾਰ ਮਜ਼ਦੂਰਾਂ ਦੀ ਕੋਈ ਸੁਣਵਾਈ ਨਹੀਂ ਕਰ ਰਹੀ ਹੈ ਅਤੇ ਪੰਜਾਬ ਸਰਕਾਰ ਵੀ ਮਜਦੂਰਾਂ ਨੂੰ ਉਨ੍ਹਾਂ ਦੇ ਹੱਕ ਦਿਵਾਉਣ ਵਿੱਚ ਅਸਫਲ ਸਾਬਤ ਹੋਈ ਹੈ। ਇਸ ਮੌਕੇ ਯੂਨੀਅਨ ਦੀ ਫਗਵਾੜਾ ਸ਼ਾਖਾ ਦੇ ਪ੍ਰਧਾਨ ਧਰਮਿੰਦਰ, ਮੀਤ ਪ੍ਰਧਾਨ ਮੋਹਿਤ ਸ਼ਰਮਾ ਤੇ ਵਿਨੋਦ ਪਾਂਡੇ, ਸਕੱਤਰ ਸੁਜੀਤ ਕੁਮਾਰ ਤੋਂ ਇਲਾਵਾ ਹਨੀ, ਰਾਮ ਕ੍ਰਿਸ਼ਨ, ਰਮਨ, ਸੀਤਾ ਕੁਮਾਰੀ, ਸੁਨੀਤਾ ਰਾਣੀ, ਸੁਦੇਸ਼, ਕੇਵਲ ਸਿੰਘ, ਰਾਜੇਸ਼, ਸੁਨੀਲ, ਚੰਦਰ ਮੋਹਨ, ਸੁਰਿੰਦਰ ਸਿੰਘ ਸਮੇਤ ਪੰਜਾਬ ਭਰ ਦੇ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ

ਰੋਜ਼ਾਨਾ ਲੋਕ ਬਾਣੀ www.lokbani

# ਸਿਵਲ ਸਰਜਨ ਵਲੋਂ ਪ੍ਰੋਗਰਾਮਾਂ ਦੀ ਸਮੀਖਿਆ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਸਿਵਲ ਸਰਜਨ ਕਪੂਰਥਲਾ ਡਾਕਟਰ ਰਿਚਾ ਭਾਟੀਆ ਦੀ ਅਗਵਾਈ ਹੇਠ ਅੱਜ ਵੱਖ-ਵੱਖ ਸਿਹਤ ਪ੍ਰੋਗਰਾਮਾਂ ਦੀ ਸਮੀਖਿਆ ਕਰਨ ਲਈ ਪ੍ਰੋਗਰਾਮ ਅ਼ਫਸਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਰੂਟੀਨ ਟੀਕਾਕਰਨ, ਤੰਬਾਕੂ ਕੰਟਰੋਲ ਪ੍ਰੋਗਰਾਮ, ਪਰਿਵਾਰ ਨਿਯੋਜਨ, ਵੈਕਟਰਨਬੋਰਨ ਅਤੇ ਡੇਂਗੂ, ਮਲੇਰੀਆ ਦੀ ਰੋਕਥਾਮ ਸਬੰਧੀ ਵਿਸਥਾਰ ਨਾਲ ਵਿਚਾਰਾਂ ਹੋਈਆਂ ਅਤੇ ਸਿਵਲ ਸਰਜਨ ਡਾਕਟਰ ਰਿਚਾ ਭਾਟੀਆ ਵਲੋਂ ਨਿਰਦੇਸ ਦਿੱਤੇ ਗਏ ਕਿ ਸਾਰੇ ਪ੍ਰੋਗਰਾਮਾਂ ਨੂੰ ਸੂਚਾਰੂ ਢੰਗ ਨਾਲ ਜ਼ਮੀਨੀ ਪੱਧਰ ਤੇ ਲਾਗੂ ਕਰਵਾਇਆ ਜਾਵੇ। ਇਸ ਮੌਕੇ ਡੀਐਚਓ ਡਾ. ਰਾਜੀਵ ਪਰਾਸ਼ਰ, ਡੀਟੀਓ ਡਾ. ਰਣਦੀਪ ਸਿੰਘ,ਡੀਐਫਪੀਓ ਡਾ. ਅਸ਼ੋਕ ਕੁਮਾਰ, ਜ਼ਿਲ੍ਹਾ ਐਪੀਓਡਮੋਲੋਜਿਸਟ ਡਾ. ਨੰਦਿਕਾ ਖੁੱਲਰ ,ਡਾ ਨਵਪ੍ਰੀਤ ਕੌਰ, ਐਮ.ਐਂਡ.ਈ.ਓ ਰਾਮ ਸਿੰਘ,ਡਿਪਟੀ ਮਾਸ ਮੀਡੀਆ ਅ਼ਫਸਰ ਸ਼ਰਨਦੀਪ ਸਿੰਘ, ਸੁਖਦਿਆਲ ਸਿੰਘ ਆਦਿ ਹਾਜ਼ਰ ਸਨ

ਰੋਜ਼ਾਨਾ ਲੋਕ ਬਾਣੀ www.lokbani

# ਦੁਸਹਿਰਾ ਕਮੇਟੀ ਹਦੀਆਬਾਦ ਫਗਵਾੜਾ ਵੱਲੋਂ ਸ਼ਾਂਤੀ ਤਾਲ ਵਿਖੇ ਰਾਮ ਵਿਆਹ ਨਾਈਟ ਦਾ ਹੋਇਆ ਸ਼ਾਨਦਾਰ ਆਯੋਜਨ

## 12 ਅਕਤੂਬਰ ਨੂੰ ਧੂਮਧਾਮ ਨਾਲ ਮਨਾਇਆ ਜਾਵੇਗਾ ਦੁਸਹਿਰਾ: ਦਿਨੇਸ਼ ਦੁੱਗਲ






ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਦੁਸਹਿਰਾ ਕਮੇਟੀ (ਰਜਿ.) ਫਗਵਾੜਾ ਵੱਲੋਂ ਦੁਸਹਿਰੇ ਦੇ ਸਬੰਧ ਵਿਚ ਸਥਾਨਕ ਹਦੀਆਬਾਦ ਸਥਿਤ ਸ਼ਾਂਤੀ ਤਾਲ ਵਿਖੇ ਕਰਵਾਈ ਜਾ ਰਹੀ ਰਾਮਲੀਲਾ ਤਹਿਤ ਐਤਵਾਰ ਨੂੰ ਸ਼੍ਰੀ ਰਾਮ ਵਿਆਹ ਨਾਈਟ ਦਾ ਆਯੋਜਨ ਕਮੇਟੀ ਪ੍ਰਧਾਨ ਦਿਨੇਸ਼ ਦੁੱਗਲ (ਭਾਊ) ਦੀ ਦੇਖ-ਰੇਖ ਅਤੇ ਮਨੀਸ਼ ਚੌਧਰੀ ਦੇ ਨਿਰਦੇਸ਼ਨ ਵਿਚ ਕੀਤਾ ਗਿਆ। ਇਸ ਦੌਰਾਨ ਨੀਰਜ ਡਿੱਡੀ ਸਪੇਨ ਦੇ ਮਾਤਾ ਸ਼੍ਰੀਮਤੀ ਸੁਭਾਸ਼ ਰਾਣੀ ਡਿੱਡੀ ਵਲੋਂ ਸਟੇਜ 'ਤੇ ਭਗਵਾਨ ਰਾਮ, ਲੱਕਸ਼ਣ, ਭਰਤ ਤੇ ਸ਼ਤਰੂਘਨ ਦੀ ਸਹਿਰਾਬੰਦੀ ਕੀਤੀ ਗਈ। ਜਿਸ ਤੋਂ ਬਾਅਦ ਭਗਵਾਨ ਸ਼੍ਰੀ ਰਾਮ ਦੀ ਘੁੜ-ਚੜ੍ਹੀ ਤੇ ਬਾਰਾਤ ਰਾਮ ਕ੍ਰਿਸ਼ਨ ਗਊਸ਼ਾਲਾ ਪਹੁੰਚੀ। ਜਿੱਥੇ ਗਊਸ਼ਾਲਾ ਪ੍ਰਬੰਧਕ ਕਮੇਟੀ ਵੱਲੋਂ ਅਨਿਰੁਧ ਦੁੱਗਲ ਅਤੇ ਸੰਜੀਵ ਵਰਮਾ ਦੀ ਅਗਵਾਈ ਹੇਠ ਬਰਾਤ ਦਾ ਸਵਾਗਤ ਕੀਤਾ ਗਿਆ। ਵਾਪਸੀ 'ਤੇ ਡਿੱਡੀ ਪਰਿਵਾਰ ਅਤੇ ਕ੍ਰਿਸ਼ਨ ਕੁਮਾਰ (ਪੱਪੂ) ਵੱਲੋਂ ਭੰਡਾਰੇ ਦੀ ਸੇਵਾ ਅਤੁੱਟ ਵਰਤਾਈ ਗਈ। ਕਮੇਟੀ ਪ੍ਰਧਾਨ ਦਿਨੇਸ਼ ਦੁੱਗਲ (ਭਾਊ) ਅਤੇ ਨਿਰਦੇਸ਼ਕ ਮਨੀਸ਼ ਚੌਧਰੀ ਨੇ ਦੱਸਿਆ ਕਿ ਸੋਮਵਾਰ ਰਾਤ ਨੂੰ ਰਾਮ ਵਨਵਾਸ ਤੋਂ ਬਾਅਦ ਮੰਗਲਵਾਰ ਨੂੰ ਭਰਤ ਵਿਰਲਾਪ, ਬੁੱਧਵਾਰ ਨੂੰ ਸੀਤਾ ਹਰਣ, ਵੀਰਵਾਰ ਨੂੰ ਬਾਲੀਵੱਧ ਅਤੇ ਸ਼ੁੱਕਰਵਾਰ ਨੂੰ ਲਕਸ਼ਮਣ ਮੂਰਛਾ ਦਾ ਨਾਈਟ ਦਾ ਆਯੋਜਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ 12 ਅਕਤੂਬਰ ਦਿਨ ਸ਼ਨੀਵਾਰ ਨੂੰ ਦੁਸਹਿਰੇ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਜਾਵੇਗਾ। ਜਿਸ ਵਿੱਚ ਰਾਵਣ, ਕੁੰਭਕਰਨ ਅਤੇ ਮੇਘਨਾਦ ਦੇ ਪੰਜਾਹ ਫੁੱਟ ਤੋਂ ਵੱਧ ਉੱਚੇ ਪੁਤਲਿਆਂ ਨੂੰ ਅਗਨ ਭੇਟ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਵਾਰ 56ਵੀਂ ਰਾਮਲੀਲਾ ਦਾ ਆਯੋਜਨ ਕੀਤਾ ਜਾ ਰਿਹਾ ਹੈ। ਹਦੀਆਬਾਦ ਦੀ ਰਾਮਲੀਲਾ ਫਗਵਾੜਾ ਅਤੇ ਆਸਪਾਸ ਦੇ ਇਲਾਕਿਆਂ ਵਿੱਚ ਬਹੁਤ ਮਸ਼ਹੂਰ ਹੈ। ਲਕਸ਼ਮਣ ਮੂਰਛਾ ਦੇਖਣ ਲਈ ਦੂਰ-ਦੂਰ ਤੋਂ ਸ਼ਰਧਾਲੂ ਅਤੇ ਦਰਸ਼ਕ ਵੱਡੀ ਗਿਣਤੀ ਵਿੱਚ ਆਉਂਦੇ ਹਨ। ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਹਮੇਸ਼ਾ ਦੀ ਤਰ੍ਹਾਂ ਇਸ ਵਾਰ ਵੀ ਰਾਮਲੀਲਾ ਅਤੇ ਦੁਸਹਿਰੇ ਦੇ ਤਿਓਹਾਰ ਵਿੱਚ ਪਰਿਵਾਰਾਂ ਸਮੇਤ ਆਪਣੀ ਹਾਜ਼ਰੀ ਦਰਜ ਕਰਵਾ ਕੇ ਮੇਲੇ ਦੀ ਰੌਣਕ ਵਧਾਈ ਜਾਵੇ

ਰੋਜ਼ਾਨਾ ਲੋਕ ਬਾਣੀ www.lokbani

# ਕਾਨਪੁਰ ਚ ਸਿਪਾਹੀ ਬਣਾਉਣ ਦੇ ਬਹਾਨੇ ਦਰਜਨਾਂ ਲੋਕਾਂ ਨਾਲ ਠੱਗੀ ਮਾਰਨ ਵਾਲੇ ਜੋੜੇ ਦਾ ਅਜੇ ਤੱਕ ਕੋਈ ਸੁਰਾਗ ਨਹੀਂ, ਭਾਲ ਚ ਜੁਟੀ ਪੁਲਿਸ



ਕਾਨਪੁਰ (ਸੁਨੀਲ ਬਾਜਪਾਈ) ਕਾਨਪੁਰ ਚ ਬਜ਼ੁਰਗਾਂ ਨੂੰ ਜਵਾਨ ਬਣਾਉਣ ਦੇ ਬਹਾਨੇ ਦਰਜਨਾਂ ਲੋਕਾਂ ਤੋਂ ਕਰੋੜਾਂ ਰੁਪਏ ਦੀ ਠੱਗੀ ਮਾਰੀ ਗਈ। ਸਕਰੈਪ ਮਟੀਰੀਅਲ ਤੋਂ ਬਣੀ ਇਹ ਸਾਰੀ ਮਸ਼ੀਨ ਇਜ਼ਰਾਈਲ ਦੀ ਹੋਣ ਦਾ ਦਾਅਵਾ ਕਰ ਕੇ ਲੋਕਾਂ ਨੂੰ ਧੋਖਾਧੜੀ ਦਾ ਸ਼ਿਕਾਰ ਬਣਾਇਆ ਗਿਆ, ਜਿਸ ਕਾਰਨ ਲੋਕਾਂ ਦਾ ਕਰੋੜਾਂ ਰੁਪਏ ਦਾ ਨੁਕਸਾਨ ਹੋ ਗਿਆ। ਫਿਲਹਾਲ ਉਕਤ ਠੱਗ ਜੋੜਾ ਘਰੋਂ ਫਰਾਰ ਹੈ, ਜਿਸ ਤੋਂ ਬਾਅਦ ਪੁਲਸ ਉਨ੍ਹਾਂ ਦੀ ਲਗਾਤਾਰ ਭਾਲ ਕਰ ਰਹੀ ਹੈ ਪਰ ਖਬਰ ਲਿਖੇ ਜਾਣ ਤੱਕ ਦੋਵਾਂ ਦਾ ਕੋਈ ਸੁਰਾਗ ਨਹੀਂ ਲੱਗਾ ਹੈ।

ਕਰੋੜਾਂ ਦੀ ਧੋਖਾਧੜੀ ਦੇ ਇਸ ਮਸ਼ਹੂਰ ਮਾਮਲੇ ਦੀ ਜਾਂਚ ਕਰ ਰਹੀ ਐਸਆਈਟੀ ਸਾਹਮਣੇ ਪੇਸ਼ ਹੋਏ ਲੋਕਾਂ ਨੇ ਆਪਣੇ ਬਿਆਨ ਦਰਜ ਕਰ ਲਏ ਹਨ।

ਸੂਤਰਾਂ ਮੁਤਾਬਕ ਧੋਖੇਬਾਜ਼ ਪਤੀ-ਪਤਨੀ ਨੇ ਪੇਸ਼ਕਾਰੀ ਦੇ ਨਾਂ ਤੇ ਲੋਕਾਂ ਨੂੰ ਕਈ ਵਾਰ ਵੱਖ-ਵੱਖ ਥਾਵਾਂ ਤੇ ਬੁਲਾਇਆ ਅਤੇ ਫਿਰ ਉਨ੍ਹਾਂ ਦੇ ਸਾਹਮਣੇ ਮਸ਼ਹੂਰ ਹਸਤੀਆਂ, ਸਿਆਸਤਦਾਨਾਂ, ਖਿਡਾਰੀਆਂ ਅਤੇ ਬਾਲੀਵੁੱਡ ਦੇ ਲੋਕਾਂ ਦੇ ਕੰਮ ਕਰਨ ਦੀ ਸ਼ਕਤੀ, ਉਨ੍ਹਾਂ ਦੀ ਸੁੰਦਰਤਾ ਸਮੇਤ ਕਈ ਪਹਿਲੂ ਪੇਸ਼ ਕੀਤੇ।

ਪੀੜਤਾਂ ਨੇ ਦੱਸਿਆ ਕਿ ਧੋਖਾ ਦੇਣ ਲਈ ਠੱਗੀ ਦਾ ਸ਼ਿਕਾਰ ਹੋਏ ਪਤੀ-ਪਤਨੀ ਨੇ ਫਿਲਮੀ ਜਗਤ ਦੇ ਲੋਕਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਸਾਰੇ ਲੋਕ ਉਸੇ ਥੈਰੇਪੀ ਰਾਹੀਂ ਵਿਦੇਸ਼ ਜਾ ਕੇ ਆਪਣੀ ਉਮਰ ਬਰਕਰਾਰ ਰੱਖ ਰਹੇ ਹਨ, ਜਿਸ ਲਈ ਉਨ੍ਹਾਂ ਨੇ ਇਹ ਦਵਾਈਆਂ ਖਰੀਦੀਆਂ ਹਨ। ਮਸ਼ੀਨ ਇਜ਼ਰਾਈਲ ਤੋਂ ਲੈ ਕੇ ਆਏ ਹਨ।

ਪੀੜਤਾਂ ਵੱਲੋਂ ਪੁਲਿਸ ਨੂੰ ਦਿੱਤੀ ਗਈ ਜਾਣਕਾਰੀ ਅਨੁਸਾਰ ਧੋਖੇਬਾਜ਼ ਜੋੜਾ ਆਪਣੀ ਇੱਕ ਨੈੱਟਵਰਕ ਮਾਰਕੀਟਿੰਗ ਕੰਪਨੀ ਵੀ ਚਲਾਉਂਦਾ ਸੀ। ਜਿਸ ਰਾਹੀਂ ਲੋਕਾਂ ਨੂੰ ਸ਼ਾਮਲ ਹੋਣ ਤੇ ਥੈਰੇਪੀ ਲਈ ਤੈਅ ਪੈਕੇਜ ਚ ਛੋਟ ਵੀ ਦਿੱਤੀ ਗਈ। ਕੁਝ ਲੋਕਾਂ ਨੇ ਕਿਹਾ ਕਿ ਪੇਸ਼ਕਾਰੀ ਇੰਨੀ ਵਧੀਆ ਸੀ ਕਿ ਅਸੀਂ ਨਕਲੀ ਅਤੇ ਅਸਲੀ ਵਿੱਚ ਫਰਕ ਨਹੀਂ ਕਰ ਸਕੇ।

ਪੁਲਿਸ ਨੇ ਕਿਹਾ ਕਿ ਇਸ ਦੇ ਅੱਗੇ ਆਉਣ ਦੇ 16 ਦਿਨਾਂ ਦੇ ਅੰਦਰ, 20 ਪੀੜਤਾਂ ਦੇ ਸ਼ਿਕਾਇਤ ਪੱਤਰ ਪ੍ਰਾਪਤ ਹੋਏ ਹਨ ਅਤੇ ਜਾਂਚ ਜਾਰੀ ਹੈ। ਇਸ ਦੌਰਾਨ ਪੁਲੀਸ ਟੀਮ ਵੱਲੋਂ ਦੋਵਾਂ ਦੀ ਭਾਲ ਵਿੱਚ ਛਾਪੇਮਾਰੀ ਵੀ ਕੀਤੀ ਜਾ ਰਹੀ ਹੈ ਪਰ ਹਾਲੇ ਤੱਕ ਕੋਈ ਸੁਰਾਗ ਨਹੀਂ ਮਿਲਿਆ ਹੈ।

ਰੋਜ਼ਾਨਾ ਲੋਕ ਬਾਣੀ
www.lokbani

# ਡਾਕਟਰ ਮਾਨਵਦੀਪ ਸਿੰਘ ਬੈਂਸ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਜਨਰਲ ਅਤੇ ਲੈਪਰੋਸਕੋਪਿਕ ਸਰਜਨ ਨਿਯੁਕਤ



ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ)ਪੇਂਡੂ ਇਲਾਕੇ ਦੇ ਪ੍ਰਸਿੱਧ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਡਾਕਟਰ ਮਾਨਵਦੀਪ ਸਿੰਘ ਬੈਂਸ ਐਮ ਐਸ ਨੂੰ ਸਰਜਰੀ ਵਿਭਾਗ ਦੇ ਮੁੱਖ ਜਨਰਲ ਅਤੇ ਲੈਪਰੋਸਕੋਪਿਕ ਸਰਜਨ ਨਿਯੁਕਤ ਕੀਤਾ ਗਿਆ ਹੈ। ਡਾ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਦੱਸਿਆ ਕਿ ਡਾਕਟਰ ਮਾਨਵਦੀਪ ਸਿੰਘ ਬੈਂਸ ਐਮ.ਐਸ. ਹਰ ਤਰ੍ਹਾਂ ਦੇ ਵੱਡੇ ਅਪਰੇਸ਼ਨਾਂ, ਅਡਵਾਂਸ ਲੈਪਰੋਸਕੋਪਿਕ ਅਪਰੇਸ਼ਨਾਂ (ਦੂਰਬੀਨੀ ਅਪਰੇਸ਼ਨਾਂ), ਪਿੱਤੇ ਦੀਆਂ ਪੱਥਰੀਆਂ, ਹਰਨੀਆਂ, ਗਿੱਲੜ, ਬਵਾਸੀਰ, ਅੰਤੜੀਆਂ ਦੇ ਰੋਗਾਂ, ਭੰਗਦਰ, ਛਾਤੀ ਦੀਆਂ ਰਸੌਲੀਆਂ, ਪੇਟ ਦੇ ਰੋਗਾਂ ਦਾ, ਫੁਲੀਆਂ ਨਾੜਾ ਦਾ ਸਫਲ ਇਲਾਜ ਕਰਨ ਅਤੇ ਪੇਟ ਦੇ ਰੋਗਾਂ ਦੇ ਮਾਹਿਰ ਤੇ ਤਜਰਬੇਕਾਰ ਡਾਕਟਰ ਹਨ। ਡਾ. ਬੈਂਸ ਨੇ ਦਯਾਨੰਦ ਮੈਡੀਕਲ ਕਾਲਜ ਲੁਧਿਆਣਾ ਤੋਂ ਐਮ.ਬੀ.ਬੀ.ਐਸ. ਅਤੇ ਮਾਸਟਰ ਆਫ਼ ਸਰਜਨ ਦੀ ਡਿਗਰੀ ਪ੍ਰਾਪਤ ਕੀਤੀ ਹੋਈ ਹੈ। ਉਪਰੰਤ ਉਨ੍ਹਾਂ ਨੇ ਡੀ. ਐਮ. ਸੀ. ਵਿਖੇ ਬਤੌਰ ਸਰਜਨ ਵਜੋਂ ਆਪਣੀਆਂ ਸੇਵਾਵਾਂ ਨਿਭਾਈਆਂ ਹਨ। ਅੱਜ ਤੋਂ ਡਾਕਟਰ ਮਾਨਵਦੀਪ ਸਿੰਘ ਬੈਂਸ (ਐਮ. ਐਸ.) ਨੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਸਰਜਰੀ ਵਿਭਾਗ ਵਿਚ ਚੀਫ ਸਰਜਨ ਦਾ ਕਾਰਜਭਾਰ ਸੰਭਾਲ ਲਿਆ ਹੈ । ਸ. ਢਾਹਾਂ ਨੇ ਦੱਸਿਆ ਕਿ ਗੁਰੂ ਨਾਨਕ ਮਿਸ਼ਨ ਹਸਤਪਾਲ ਢਾਹਾਂ ਕਲੇਰਾਂ ਵਿਖੇ ਜਰਨਲ ਸਰਜਰੀ ਵਿਭਾਗ ਵਿਚ ਮਰੀਜ਼ਾਂ ਦਾ ਆਧੁਨਿਕ ਕੰਪਿਊਟਰਾਈਜ਼ਡ ਮਸ਼ੀਨਾਂ ਅਤੇ ਤਕਨੀਕਾਂ ਇਲਾਜ ਕੀਤਾ ਜਾਂਦਾ ਹੈ, ਇੱਥੇ ਹਰ ਤਰ੍ਹਾਂ ਦੇ ਅਪਰੇਸ਼ਨ, ਲੈਪਰੋਸਕੋਪਿਕ ਅਤੇ ਇੰਡੋਸਕੋਪਿਕ ਤਕਨੀਕ ਨਾਲ ਅਪਰੇਸ਼ਨ ਕਰਨ ਲਈ ਵਿਸ਼ੇਸ਼ ਮਾਡੂਲਰ ਅਪਰੇਸ਼ਨ ਥੀਏਟਰ ਹਨ । ਸਰਜਰੀ ਵਿਭਾਗ ਵਿਚ ਰੋਜ਼ਾਨਾ ਮਰੀਜ਼ਾਂ ਦਾ ਚੈੱਕਅਪ ਅਤੇ ਅਪਰੇਸ਼ਨ ਕੀਤੇ ਜਾਂਦੇ ਹਨ। ਇਸ ਮੌਕੇ ਸ. ਅਮਰਜੀਤ ਸਿੰਘ ਕਲੇਰਾਂ ਸਕੱਤਰ, , ਡਾ. ਰਵਿੰਦਰ ਖਜ਼ੂਰੀਆ ਮੈਡੀਕਲ ਸੁਪਰਡੈਂਟ, ਡਾ ਬਲਵਿੰਦਰ ਸਿੰਘ ਡਿਪਟੀ ਮੈਡੀਕਲ ਸੁਪਰਡੈਂਟ ਅਤੇ ਡਾ. ਮਾਨਵਦੀਪ ਸਿੰਘ ਬੈਂਸ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ
www.lokbani

# ਗੁਲਪ੍ਰੀਤ ਸਿੰਘ ਔਲਖ ਨੇ ਚੰਦ ਦਿਨਾਂ ਬਾਅਦ ਫਿਰ ਦੁਬਾਰਾ ਸੰਭਾਲਿਆ ਨਗਰ ਨਿਗਮ ਕਮਿਸ਼ਨਰ ਦਾ ਚਾਰਜ



ਅੰਮ੍ਰਿਤਸਰ,(ਲੋਕ ਬਾਣੀ))- ਨਗਰ ਨਿਗਮ ਦੇ ਕਮਿਸ਼ਨਰ ਦੀ ਕੁਰਸੀ ਤੇ ਪਿਛਲੇ ਦਿਨੀ ਤਿੰਨ ਦਿਨ ਬਾਅਦ ਬਦਲੀ ਹੋਏ ਗੁਲਪ੍ਰੀਤ ਸਿੰਘ ਔਲਖ ਨੂੰ ਸਰਕਾਰ ਵੱਲੋਂ ਦੁਬਾਰਾ ਨਗਰ ਨਿਗਮ ਕਮਿਸ਼ਨਰ ਬਣਾਉਣ ਉਪਰੰਤ ਉਹਨਾਂ ਨੇ ਆਪਣਾ ਚਾਰਜ ਸੰਭਾਲ ਲਿਆ ਹੈ। ਤਿੰਨ ਦਿਨ ਨਗਰ ਨਿਗਮ ਅੰਮ੍ਰਿਤਸਰ ਦੀ ਕੁਰਸੀ ਤੇ ਬੈਠਣ ਉਪਰੰਤ ਸਰਕਾਰ ਵੱਲੋਂ ਉਹਨਾਂ ਨੂੰ ਤਰਨ ਤਾਰਨ ਜ਼ਿਲ੍ਹੇ ਦਾ ਡਿਪਟੀ ਕਮਿਸ਼ਨਰ ਤੈਨਾਤ ਕੀਤਾ ਗਿਆ ਸੀ। ਸਰਕਾਰ ਵੱਲੋਂ ਦੁਬਾਰਾ ਆਦੇਸ਼ਾਂ ਦੇ ਚੱਲਦਿਆਂ ਚੰਦ ਕੁ ਦਿਨਾਂ ਦੇ ਵਿੱਚ ਉਹਨਾਂ ਨੂੰ ਫਿਰ ਨਗਰ ਨਿਗਮ ਦਾ ਕਮਿਸ਼ਨਰ ਬਣਾਉਣ ਉਪਰੰਤ ਉਹਨਾਂ ਵੱਲੋਂ ਚਾਰਜ ਸੰਭਾਲਣ ਦੇ ਦੌਰਾਨ ਨਗਰ ਨਿਗਮ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਸਵਾਗਤ ਕਰਦਿਆਂ ਫੁੱਲਾਂ ਦੇ ਗੁਲਦਸਤੇ ਭੇਂਟ ਕੀਤੇ ਗਏ।

ਨਗਰ ਨਿਗਮ ਦੇ ਮੁੱਖ ਦਫਤਰ ਦੇ ਅੰਦਰੂਨੀ ਗੇਟ ਤੇ ਸਵਾਗਤ ਕਰਨ ਦੌਰਾਨ ਸੈਕਟਰੀ ਵਿਸ਼ਾਲ ਵਧਾਵਨ,ਐਸ.ਈ ਸੰਦੀਪ ਸਿੰਘ,ਸੁਪਰੀਡੈਂਟ ਸਤਪਾਲ,ਐਸ.ਈ ਪਰਮਪਾਲ,ਐਮ.ਟੀ.ਪੀ ਨਰਿੰਦਰ ਸ਼ਰਮਾ,ਐਮ.ਟੀ.ਪੀ ਮਿਹਰਬਾਨ ਸਿੰਘ,ਸਿਹਤ ਅਧਿਕਾਰੀ ਡਾ.ਯੋਗੇਸ਼ ਅਰੋੜਾ,ਕਮਿਸ਼ਨਰ ਸਹਾਇਕ ਸਰਵਦੇਵ ਮਹਾਜਨ, ਸੁਪਰੀਡੈਂਟ ਜੇ.ਪੀ ਬੱਬਰ, ਅਸਟੇਟ ਅਧਿਕਾਰੀ ਧਰਮਿੰਦਰ ਸਿੰਘ ,ਏ.ਟੀ.ਪੀ ਪਰਮਿੰਦਰ ਸਿੰਘ ਰਜਿੰਦਰ ਸ਼ਰਮਾ ਸਮੇਤ ਹੋਰ ਕਈ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਗੁਰਪ੍ਰੀਤ ਸਿੰਘ ਔਲਖ ਨੂੰ ਜੀ ਆਇਆਂ ਨੂੰ ਕਹਿੰਦਿਆਂ ਸ਼ੁਭਕਾਮਨਾਵਾਂ ਭੇਟ ਕੀਤੀਆਂ ਗਈਆਂ।

ਰੋਜ਼ਾਨਾ ਲੋਕ ਬਾਣੀ
www.lokbani

# ਸਬ ਡਵੀਜਨ ਅਮਰਗੜ ਦੇ ਪਿੰਡ ਰਾਏਪੁਰ ਵਿਖੇ ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕਤਾ ਕੈਂਪ ਦਾ ਆਯੋਜਨ






ਅਮਰਗੜ੍ਹ/ਮਾਲੇਰਕੋਟਲਾ :(ਕਿਮੀ ਅਰੋੜਾ,ਅਸਲਮ ਨਾਜ਼ )

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਮਾਲੇਕਰਕੋਟਲਾ ਵੱਲੋਂ ਪਰਾਲੀ ਨੂੰ ਬਿਨਾਂ ਅੱਗ ਲਗਾਏ ਯੋਗ ਪ੍ਰਬੰਧਨ ਲਈ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ । ਇਸੇ ਕੜੀ ਤਹਿਤ ਸਬ ਡਵੀਜਨ ਅਮਰਗੜ ਦੇ ਪਿੰਡ ਰਾਏਪੁਰ ਵਿਖੇ ਵਿਸ਼ੇਸ ਕਿਸਾਨ ਸਿਖਲਾਈ ਅਤੇ ਜਾਗਰੂਕਤਾ ਕੈਂਪ ਦਾ ਆਯੋਜਨ ਐਸ.ਡੀ.ਐਮ. ਅਮਰਗੜ੍ਹ ਸੁਰਿੰਦਰ ਕੌਰ ਦੀ ਪ੍ਰਧਾਨਗੀ ਵਿੱਚ ਕੀਤਾ ਗਿਆ ।

ਇਸ ਮੌਕੇ ਐਸ.ਡੀ.ਐਮ.ਅਮਰਗੜ੍ਹ ਨੇ ਕਿਸਾਨਾਂ ਨੂੰ ਪਰਾਲੀ ਨੂੰ ਬਿਨਾਂ ਅੱਗ ਲਗਾਏ ਅਗਲੀ ਫਸ਼ਲ ਲਈ ਖੇਤ ਤਿਆਰ ਕਰਨ ਦੀ ਅਪੀਲ ਕੀਤੀ । ਇਸ ਮੌਕੇ ਖੇਤੀਬਾੜੀ ਵਿਕਾਸ ਅਫਸਰ ਡਾ ਨਵਦੀਪ ਕੁਮਾਰ ਨੇ ਪਰਾਲੀ ਦੇ ਸੁਚੱਜੇ ਪ੍ਰਬੰਧਾਂ ਬਾਰੇ ਵਿਸਥਾਰ ਪੂਰਵਕ ਦੱਸਿਆ ਅਤੇ ਉਹਨਾਂ ਵੱਲੋਂ ਬਿਨਾਂ ਅੱਗ ਲਗਾਏ ਪਰਾਲੀ ਦੇ ਪ੍ਰਬੰਧਨ ਕਰਨ ਨਾਲ ਹੋਣ ਵਾਲੇ ਫਾਇਦਿਆਂ ਤੋਂ ਵੀ ਜਾਣੂ ਕਰਵਾਇਆ ਗਿਆ। ਉਹਨਾਂ ਕਿਹਾ ਕਿ ਖੇਤੀਬਾੜੀ ਵਿਭਾਗ ਪਰਾਲੀ ਨੂੰ ਬਿਨਾਂ ਅੱਗ ਲਗਾਏ ਪ੍ਰਬੰਧ ਦੀ ਮੁਹਿੰਮ ਨੂੰ ਹੁੰਗਾਰਾ ਦੇਣ ਲਈ ਲਗਾਤਾਰ ਉਪਰਾਲੇ ਕਰ ਰਿਹਾ ਹੈ । ਉਨ੍ਹਾਂ ਦੱਸਿਆ ਕਿ ਵਿਭਾਗ ਵਲੋਂ ਪਰਾਲੀ ਪ੍ਰਬੰਧਨ ਲਈ ਕਿਸਾਨਾਂ ਨੂੰ ਸਬਸਿਡੀ ਉੱਪਰ ਲੋੜੀਂਦੀ ਮਸ਼ੀਨਰੀ ਮੁਹਈਆ ਕਰਵਾਰੀ ਜਾ ਰਹੀ ਹੈ ।

ਇਸ ਜਾਗਰੂਕ ਕੈਂਪ ਦੇ ਤਕਨੀਕੀ ਸੈਸ਼ਨ ਦੌਰਾਨ ਕਿਸਾਨਾਂ ਨਾਲ ਗੱਲਬਾਤ ਕਰਦਿਆ ਖੇਤੀਬਾੜੀ ਵਿਕਾਸ ਅਫ਼ਸਰ ਨੇ ਕਿਹਾ ਸੀ ਆਰ ਐਮ ਸਕੀਮ ਸੁਪਰ ਸੀਡਰ, ਹੈਪੀ ਸੀਡਰ, ਜ਼ੀਰੋ ਟਿਲ, ਮਾਈਚਰ, ਸੁਪਰ ਐਸਐਮਐਸ ਆਦਿ ਵਰਗੀਆਂ ਮਸ਼ੀਨਾਂ ਸਬਸਿਡੀ ਉੱਪਰ ਮਸ਼ੀਨਰੀ ਕਰਵਾਈਆ ਜਾ ਰਹੀਆਂ ਹਨ ਤਾਂ ਜੋ ਕਿਸਾਨ ਪਰਾਲੀ ਦਾ ਯੋਗ ਪ੍ਰਬੰਧ ਕਰਕੇ ਵਾਤਾਵਰਨ ਨੂੰ ਸਰੁੱਖਿਅਤ ਕਰਨ ਵਿੱਚ ਆਪਣਾ ਯੋਗਦਾਨ ਪਾ ਸਕਣ। ਇਸ ਮੌਕੇ ਉਹਨਾਂ ਨੇ ਵਿਭਾਗ ਦੀਆਂ ਵੱਖ-ਵੱਖ ਸਕੀਮਾਂ ਵਿੱਚ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਮੌਕੇ ਕਿਸਾਨਾਂ ਵਲੋ ਝੋਨੇ ਦੀ ਪਰਾਲੀ ਨੂੰ ਬਿਨਾਂ ਅੱਗ ਲਗਾ ਕੇ ਕਣਕ ਦੀ ਬਜਾਈ ਕਰਨ ਦੀ ਹਾਮੀ ਭਰੀ ਗਈ ।ਇਸ ਮੌਕੇ ਖੇਤੀਬਾੜੀ ਵਿਭਾਗ ਤੇ ਮੁਲਾਜ਼ਮ ਅਤੇ ਕਿਸਾਨ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ
www.lokbani

# ਝੋਨੇ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ-ਡਿਪਟੀ ਕਮਿਸ਼ਨਰ, ਸ੍ਰੀ ਉਮਾ ਸ਼ੰਕਰ ਗੁਪਤਾ



ਗੁਰਦਾਸਪੁਰ-ਨਵਨੀਤ ਕੁਮਾਰ -
ਡਿਪਟੀ ਕਮਿਸ਼ਨਰ, ਸ੍ਰੀ ਉਮਾ ਸ਼ੰਕਰ ਗੁਪਤਾ ਨੇ ਕਿਹਾ ਕਿ ਝੋਨੇ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ ਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਅੱਜ ਡਿਪਟੀ ਕਮਿਸ਼ਨਰ, ਦਾਣਾ ਮੰਡੀ ਗੁਰਦਾਸਪੁਰ ਵਿਖੇ ਪਹੁੰਚੇ ਅਤੇ ਕਿਸਾਨ ਸੁਖਦੇਵ ਸਿੰਘ, ਵਾਸੀ ਰਾਮਨਗਰ ਦੀ ਪਨਗਰੇਨ ਦੀ ਫੜ੍ਹ
ਤੇ ਢੇਰੀ ਦੀ ਬੋਲੀ ਕਰਵਾ ਕੇ ਖਰੀਦ ਸ਼ੁਰੂ ਕਰਵਾਈ ਗਈ। ਇਸ ਤੋਂ ਪਹਿਲਾਂ ਵੀ ਡਿਪਟੀ ਕਮਿਸ਼ਨਰ ਵਲੋਂ ਦਾਣਾ ਮੰਡੀ ਕਾਹਨੂੰਵਾਨ ਅਤੇ ਜੋੜਾਂ ਛੱਤਰਾਂ ਵਿਖੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ ਜਾ ਚੁੱਕੀ ਹੈ। ਇਸ ਮੌਕੇ ਗੱਲ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਝੋਨੇ ਦੀ ਖ਼ਰੀਦ ਨਾਲ ਸਬੰਧਤ ਕਿਸੇ ਵੀ ਧਿਰ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਆੜਤੀਆ ਤੇ ਸੈਲਰ ਮਾਲਿਕਾਂ ਨੇ ਕਿਹਾ ਕਿ ਉਹ ਪ੍ਰਸ਼ਾਸਨ ਨਾਲ ਸਹਿਯੋਗ ਕਰਦਿਆਂ ਝੋਨੇ ਦੀ ਨਿਰਵਿਘਨ ਖਰੀਦ ਕਰਵਾਉਣਗੇ।
ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਝੋਨੇ ਦੀ ਖਰੀਦ ਲਈ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਪ੍ਰਬੰਧ ਮੁਕੰਮਲ ਹਨ। ਕਿਸਾਨਾਂ ਲਈ ਪੀਣ ਵਾਲੇ ਪਾਣੀ, ਬੈਠਣ, ਬਿਜਲੀ ਦੇ ਪ੍ਰਬੰਧ ਪੁਖ਼ਤਾ ਕਰ ਲਏ ਗਏ ਹਨ ਅਤੇ ਕਿਸਾਨਾਂ ਨੂੰ ਮੰਡੀਆਂ 'ਚ ਕਿਸੇ ਤਰ੍ਹਾਂ ਦੀ ਸਮੱਸਿਆ ਦਾ ਸਾਹਮਣਾ ਨਹੀਂ ਕਰਨਾ ਪਵੇਗਾ।ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਝੋਨੇ ਦੀ ਫਸਲ ਸੁਕਾ ਹੀ ਲਿਆਉਣ ਤਾਂ ਜੋ ਉਨ੍ਹਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਉਨ੍ਹਾਂ ਕਿਸਾਨਾਂ ਨੂੰ ਰਾਤ ਸਮੇਂ ਫਸਲ ਦੀ ਕਟਾਈ ਨਾ ਕਰਨ ਦੀ ਅਪੀਲ ਵੀ ਕੀਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਵਾਤਾਵਰਨ ਪ੍ਰਦੂਸ਼ਣ ਨੂੰ ਠੱਲ੍ਹ ਪਾਉਣ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਲਈ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ। ਇਸ ਮੌਕੇ ਜ਼ਿਲਾ ਫੂਡ ਸਪਲਾਈ ਕੰਟਰੋਲਰ, ਸੁਖਜਿੰਦਰ ਸਿੰਘ, ਜ਼ਿਲ੍ਹਾ ਮੰਡੀ ਅਫ਼ਸਰ, ਕੁਲਜੀਤ ਸਿੰਘ ਸੈਣੀ, ਸੈਕਟਰੀ ਵਿਜੈ ਕੁਮਾਰ, ਆੜਤੀ ਤੇ ਕਿਸਾਨ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਟ੍ਰੈਫ਼ਿਕ ਪੁਲਿਸ ਐਜੂਕੇਸ਼ਨ ਸੈਲ ਵੱਲੋਂ ਧੰਨਦੇਵੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਟ੍ਰੈਫ਼ਿਕ ਨਿਯਮਾਂ ਬਾਰੇ ਕੀਤਾ ਜਾਗਰੂਕ



ਗੁਰਦਾਸਪੁਰ-ਨਵਨੀਤ ਕੁਮਾਰ -
ਐੱਸ.ਐੱਸ.ਪੀ. ਗੁਰਦਾਸਪੁਰ ਸ਼੍ਰੀ ਹਰੀਸ਼ ਦਾਯਮਾ ਦੀ ਅਗਵਾਈ ਹੇਠ ਅੱਜ ਟੈਫ੍ਰਿਕ ਪੁਲਿਸ ਐਜੂਕੇਸ਼ਨ ਸੈਲ ਵੱਲੋਂ ਧੰਨਦੇਵੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸੈਮੀਨਾਰ ਲਗਾਇਆ ਗਿਆ। ਜਿਸ ਵਿੱਚ ਵਿਦਿਆਰਥੀਆਂ ਤੇ ਸਟਾਫ ਨੂੰ ਸ਼ਾਮਲ ਕਰਕੇ ਟੈਫ੍ਰਿਕ ਨਿਯਮਾਂ ਦੀ ਜਾਣਕਾਰੀ ਦਿੱਤੀ ਗਈ। ਨਾਬਾਲਗ ਬੱਚਿਆਂ ਦੇ ਡਰਾਈਵਿੰਗ ਕਰਨ ਤੇ ਹੋਣ ਵਾਲੀ ਕਨੂੰਨੀ ਕਾਰਵਾਈ ਬਾਰੇ ਦੱਸਿਆ ਗਿਆ। ਟੈਫ੍ਰਿਕ ਚਲਾਨਾ ਤੇ ਜੁਰਮਾਨਾ ਬਾਰੇ ਦੱਸਿਆ ਅਤੇ ਹੈਲਮਟ ਤੇ ਸੀਟ ਬੈਲਟ ਦੀ ਅਹਿਮੀਅਤ ਬਾਰੇ ਬੱਚਿਆਂ ਨੂੰ ਜਾਣਕਾਰੀ ਦਿੱਤੀ ਗਈ। ਇਸ ਮੌਕੇ ਐੱਸ.ਆਈ.ਜਸਵਿੰਦਰ ਸਿੰਘ ਨੇ ਦੱਸਿਆ ਕਿ ਐਕਸੀਡੈਂਟਾ ਤੋਂ ਬਚਣ ਲਈ ਹਮੇਸ਼ਾ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ । 16 ਤੋ 18 ਸਾਲ ਤੱਕ ਦੇ ਬੱਚਿਆਂ ਦੇ ਬਣਨ ਵਾਲੇ ਡਰਾਈਵਿੰਗ ਲਾਇਸੈਂਸ ਬਾਰੇ ਵੀ ਬੱਚਿਆਂ ਨੂੰ ਜਾਗਰੂਕ ਕੀਤਾ ਅਤੇ ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਗਿਆ। ਐਕਸੀਡੈਂਟ ਪੀੜਤ ਦੀ ਮਦਦ ਲਈ ਪ੍ਰੇਰਿਤ ਕੀਤਾ ਗਿਆ ਅਤੇ ਸਾਊਂਡ ਪ੍ਰਦੂਸ਼ਣ ਬਾਰੇ ਜਾਗਰੂਕ ਕੀਤਾ ਤੇ ਹੈਲਪ ਲਾਈਨ ਨੰਬਰ 112,1033,1930 ਬਾਰੇ ਵੀ ਦੱਸਿਆ ਗਿਆ। ਇਸ ਮੌਕੇ ਏ.ਐੱਸ.ਆਈ ਜਸਵਿੰਦਰ ਸਿੰਘ, ਏ. ਐੱਸ. ਆਈ. ਅਮਨਦੀਪ ਸਿੰਘ, ਪ੍ਰਿੰਸੀਪਲ ਸ਼ਿਲਪਾ ਗੁਪਤਾ, ਸੁਖਵਿੰਦਰ ਸਿੰਘ, ਬਲਵਿੰਦਰ ਸਿੰਘ, ਨਿਤਿਨ ਸ਼ੋਰੀ, ਸਾਹਿਲ ਸ਼ਰਮਾ ਆਦਿ ਨੇ ਹਿੱਸਾ ਲਿਆ।

ਰੋਜ਼ਾਨਾ ਲੋਕ ਬਾਣੀ www.lokbani

# ਸ਼ਹਿਰ ਖਰੜ ਦੇ ਵੱਖ-ਵੱਖ ਵਾਰਡਾਂ 'ਚ ਵਿਕਾਸ ਕਾਰਜਾਂ ਦੇ ਨਗਰ ਕੌਂਸਲ ਪ੍ਰਧਾਨ ਵਲੋਂ ਕੀਤੇ ਉਦਘਾਟਨ

ਖਰੜ ( ਕਾਲਾ ਸਿੰਘ ਸੈਣੀ ) -ਸ਼ਹਿਰ ਦੇ ਵਾਰਡ ਨੰਬਰ 10 ਜਲਵਾਯੂ ਟਾਵਰ ਦੀ ਸੜਕ 'ਤੇ ਪ੍ਰੀਮਿਕਸ ਪਾਉਣ ਦੇ ਕੰਮ ਦਾ ਉਦਘਾਟਨ ਨਗਰ ਕੌਂਸਲ ਪ੍ਰਧਾਨ ਬੀਬਾ ਜਸਪ੍ਰੀਤ ਕੌਰ ਲੌਂਗੀਆ ਵਲੋਂ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਗਰ ਕੌਂਸਲ ਪ੍ਰਧਾਨ ਨੇ ਦੱਸਿਆ ਕਿ ਵਾਰਡ ਨੰਬਰ19 ਜਲਵਾਯੂ ਟਾਵਰ ਦੀ ਸੜਕ 'ਤੇ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ। ਉਨਾਂ ਦੱਸਿਆ ਕਿ ਸ਼ਹਿਰ ਨਿਵਾਸੀਆਂ ਦੀ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਕਰਵਾਉਂਦੇ ਹੋਏ ਇਸ ਤੋਂ ਪਹਿਲਾ ਵਾਰਡ ਨੰਬਰ 4,7,9 ਅਤੇ 12 ਅਤੇ ਹੋਰ ਵਾਰਡਾਂ ਦੀਆਂ ਸੜਕਾਂ 'ਤੇ ਵੀ ਬਹੁਤ ਜਲਦੀ ਹੀ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ ਕਰਵਾ ਦਿੱਤਾ ਜਾਵੇਗਾ। ਉਨਾਂ ਦੱਸਿਆ ਕਿ ਇਸ ਪ੍ਰੋਜੈਕਟ 'ਤ ਕਰੀਬ ਚਾਰ ਕਰੋੜ ਰੁਪਏ ਦਾ ਖਰਚਾ ਆਵੇਗਾ। ਉਨਾਂ ਕਿਹਾ ਕਿ ਸ਼ਹਿਰ ਦੇ ਵੱਖ-ਵੱਖ ਵਾਰਡਾਂ ਅੰਦਰ ਪੀਣ ਵਾਲੇ ਪਾਣੀ ਦੇ ਟਿਊਬਵਲਾਂ ਲਗਾਉਣ ਦਾ ਕੰਮ ਵੀ ਜੰਗੀ ਪੱਧਰ 'ਤੇ ਜਾਰੀ ਹੈ। ਸ਼ਹਿਰ ਦੇ ਵਿਕਾਸ ਕਾਰਜਾਂ ਦੇ ਲੜੀ ਨੂੰ ਅੱਗੇ ਤੋਰਦੇ ਹੋਏ ਨਗਰ ਕੌਂਸਲ ਪ੍ਰਧਾਨ ਵਲੋਂ ਸ਼ਹਿਰ ਦੇ ਵਾਰਡ ਨੰਬਰ 26 ਨਯਾ ਸ਼ਹਿਰ ਬਡਾਲੀ ਵਿਖੇ ਨਵੇਂ ਲੱਗਣ ਵਾਲੇ ਟਿਊਯਵੈੱਲ ਦਾ ਉਦਘਾਟਨ ਕੀਤਾ ਗਿਆ। ਉਨਾਂ ਗੱਲਬਾਤ ਕਰਦਿਆਂ ਦੱਸਿਆ ਕਿ ਜਿਹੜੇ ਟਿਊਯਵੈੱਲ ਪਾਸ ਹੋ ਚੁੱਕੇ ਹਨ,ਉਨਾਂ ਨੂੰ ਸ਼ਹਿਰ ਦੇ ਬਾਕੀ ਦੇ ਵਾਰਡਾਂ 'ਚ ਵੀ ਲਗਾਇਆ ਜਾਵੇਗਾ। ਉਨਾਂ ਦੱਸਿਆ ਕਿ ਇਸ ਟਿਊਯਵੈੱਲ 'ਤੇ ਕਰੀਬ 42 ਲੱਖ ਰੁਪਏ ਦੀ ਲਾਗਤ ਆਵੇਗੀ।ਜਿਸ ਨਾਲ ਵਾਰਡ ਨਿਵਾਸੀਆਂ ਦੀ ਪਾਣੀ ਕਿ ਪ੍ਰੇਸ਼ਾਨੀ ਦੂਰ ਹੋ ਜਾਵੇਗੀ। ਕੌਂਸਲਰ ਜੋਨੀ ਨੇ ਨਗਰ ਕੌਂਸਲਰ ਪ੍ਰਧਾਨ ਅਤੇ ਕੌਂਸਲ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਇਸ ਟਿਊਯਵੈੱਲ ਦੀ ਵਾਰਡ ਨਿਵਾਸੀਆਂ ਨੂੰ ਬਹੁਤ ਦੇਰ ਤੋਂ ਲੋੜ ਸੀ।ਜੋ ਪੂਰੀ ਹੋਣ ਜਾ ਰਹੀ ਹੈ। ਇਸ ਮੌਕੇ ਵਾਰਡ ਨਿਵਾਸੀਆਂ ਵਲੋਂ ਕੌਂਸਲ ਪ੍ਰਧਾਨ ਬੀਬਾ ਜਸਪ੍ਰੀਤ ਕੌਰ ਲੌਂਗੀਆ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਕੌਂਸਲਰ ਹਰਵਿੰਦਰ ਸਿੰਘ ਜੋਲੀ,ਕੌਂਸਲਰ ਜਸਵੀਰ ਸਿੰਘ ਰਾਣਾ,ਕੌਂਸਲਰ ਐਸ. ਪੀ.ਸਿੰਘ,ਸਮਾਜ ਸੇਵੀ ਪਰਮਿੰਦਰ ਸਿੰਘ ਲੌਂਗੀਆ,ਚਤੁਰਵੇਤੀ,ਰਾਕੇਸ਼ ਸ਼ਰਮਾ,ਯਾਦਵ ,ਪੂਜਾ ਸ਼ਰਮਾ,ਦੀਪਕ ਅਰੋੜਾ,ਸੁਦੀਰ ਭਾਟੀਆ,ਅਸ਼ੋਕ ਕੁਮਾਰ,ਸਮਝੋਤ ਸਿੰਘ ਥਿੰਦ, ਸਾਬਕਾ ਸਰਪੰਚ ਅਮਰ ਸਿੰਘ,ਨੰਬਰਦਾਰ ਪਰਮਿੰਦਰ ਸਿੰਘ,ਸੁਖਦੀਪ ਸਿੰਘ,ਵਿਜੈ ਚੋਹਾਨ,ਰਾਮ ਸਿੰਘ,ਨਰੇਸ਼ ਕੁਮਾਰ,ਦਿਆਲ ਸਿੰਘ,ਜਸਵੰਤ ਸਿੰਘ, ਬੱਬਲੂ ਰਾਣਾ,ਮਨੋਜ ਰਾਣਾ ਸਮੇਤ ਵੱਖ-ਵੱਖ ਵਾਰਡਾਂ ਦੇ ਨਿਵਾਸੀ ਹਾਜ਼ਰ ਸਨ।





ਰੋਜ਼ਾਨਾ ਲੋਕ ਬਾਣੀ www.lokbani

# ਸ਼ੇਰਪੁਰ ਤੋਂ ਸਰਪੰਚੀ ਦੀ ਚੋਣ ਲੜ ਰਹੇ ਰਾਜਵਿੰਦਰ ਰਾਜ ਨੇ ਆਪਣੀ ਚੋਣ ਮੁਹਿੰਮ ਨੂੰ ਕੀਤਾ ਤੇਜ

ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ)ਕਸ਼ਬਾ ਸ਼ੇਰਪੁਰ ਤੋਂ ਸਰਪੰਚੀ ਦੀ ਚੋਣ ਲੜ ਰਹੇ ਪੜ੍ਹੇ ਲਿਖੇ ਸਰਬ ਸਾਂਝੇ ਅਤੇ ਲੋੜਵੰਦਾਂ ਦੇ ਹਮਦਰਦ ਉਮੀਦਵਾਰ ਰਾਜਵਿੰਦਰ ਸਿੰਘ ਰਾਜ ਸ਼ੇਰਪੁਰ ਨੇ ਆਪਣੀ ਚੋਣ ਮੁਹਿੰਮ ਨੂੰ ਤੇਜ਼ ਕਰ ਦਿੱਤਾ ਹੈ। ਉਨਾਂ ਅੱਜ ਕਸਬਾ ਸ਼ੇਰਪੁਰ ਦੇ ਵੱਖ-ਵੱਖ ਵਾਰਡਾਂ ਦੁਕਾਨਦਾਰਾਂ ਤੋਂ ਅਸ਼ੀਰਵਾਦ ਲੈਂਦਿਆਂ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕਸਬਾ ਸ਼ੇਰਪੁਰ ਦੇ ਅਧੂਰੇ ਪਏ ਵਿਕਾਸ ਕਾਰਜਾਂ ਨੂੰ ਸਿਰੇ ਚਾੜਨਾ ਮੇਰਾ ਮੁੱਖ ਮਕਸਦ ਹੋਵੇਗਾ ਕਿਉਂਕਿ ਸਾਡਾ ਸਮੁੱਚਾ ਪਰਿਵਾਰ ਸ਼ੁਰੂ ਤੋਂ ਹੀ ਲੋੜਵੰਦ ਕਿਸਾਨਾਂ ਮਜ਼ਦੂਰਾਂ, ਦੁਕਾਨਦਾਰਾਂ ਦਾ ਜਿੱਥੇ ਹਮਦਰਦੀ ਰਿਹਾ ਹੈ ਉੱਥੇ ਸ਼ੇਰਪੁਰ ਦੀਆਂ ਅਨੇਕਾਂ ਸਮੱਸਿਆਵਾਂ ਨੂੰ ਹੱਲ ਕਰਨਾ ਵੀ ਉਹਨਾਂ ਦਾ ਨੈਤਿਕ ਫਰ ਬਣ ਜਾਂਦਾ ਹੈ। ਉਹਨਾਂ ਦੱਸਿਆ ਕਿ ਅੱਜ ਕਸਬਾ ਸ਼ੇਰਪੁਰ ਦੇ ਵੋਟਰਾਂ ਨੇ ਉਹਨਾਂ ਨੂੰ ਪੂਰਾ ਮਾਣ ਸਨਮਾਨ ਅਤੇ ਸਤਿਕਾਰ ਦਿੱਤਾ। ਉਹਨਾਂ ਕਿਹਾ ਹੈ ਕਿ ਸ਼ੇਰਪੁਰ ਅੰਦਰ ਅਜੇ ਬਹੁਤ ਸਾਰੇ ਵਿਕਾਸ ਕਾਰਜ ਅਧੂਰੇ ਹਨ ਜਿਨਾਂ ਵਿੱਚ ਪਾਣੀ ਦਾ ਨਿਕਾਸ, ਅਧੂਰੀਆਂ ਗਲੀਆਂ ਨਾਲੀਆਂ, ਸ਼ਾਨਦਾਰ ਪਾਰਕ ਕਸਬੇ ਵਿੱਚ ਸਬਜ਼ੀ ਮੰਡੀ ਦਾ ਪ੍ਰਬੰਧ ਅਤੇ ਕੂੜੇ ਡੰਪ ਲਈ ਕੋਈ ਖਾਸ ਜਗ੍ਹਾ ਨਿਸ਼ਚਿਤ ਕਰਨ ਵਰਗੇ ਅਨੇਕਾਂ ਕੰਮ ਹਨ ਜਿਨਾਂ ਨੂੰ ਉਹ ਪਹਿਲ ਦੇ ਅਧਾਰ ਤੇ ਕਰਨਗੇ। ਰਾਜ ਨੇ ਦੱਸਿਆ ਹੈ ਕਿ ਉਹ ਪਹਿਲਾਂ ਵੀ ਪੰਜਾਬ ਸਰਕਾਰ ਦੀ ਮਦਦ ਨਾਲ ਅਨੇਕਾਂ ਲੋੜਵੰਦ ਪਰਿਵਾਰਾਂ ਦੇ ਘਰਾਂ ਅੱਗੇ ਸਮਬਰਸੀਬਲ ਮੋਟਰਾਂ ਲਗਾਉਣ ਤੋਂ ਇਲਾਵਾ ਸਰਕਾਰ ਦੀਆਂ ਸਕੀਮਾਂ ਦਾ ਲਾਭ ਲੋਕਾਂ ਨੂੰ ਦੇ ਚੁੱਕੇ ਹਨ। ਅੰਤ ਵਿੱਚ ਉਹਨਾਂ ਕਿਹਾ ਕਿ ਜੇਕਰ ਕਸ਼ਬਾ ਸ਼ੇਰਪੁਰ ਦੇ ਸੂਝਵਾਨ ਪੜ੍ਹੇ ਲਿਖੇ ਅਤੇ ਰੱਬ ਵਰਗੇ ਵੋਟਰਾਂ ਨੇ ਉਹਨਾਂ ਦਾ ਸਾਥ ਦਿੱਤਾ ਤਾਂ ਉਹ ਪਿੰਡ ਦੀ ਨੁਹਾਰ ਬਦਲਣ ਵਿੱਚ ਕੋਈ ਕਾਸ਼ਰ ਬਾਕੀ ਨਹੀਂ ਛੱਡਣਗੇ।



ਰੋਜ਼ਾਨਾ ਲੋਕ ਬਾਣੀ www.lokbani

# ਆਰ.ਟੀ.ਓ ਕਮ ਜੀ.ਏ ਮਾਲੇਰਕੋਟਲਾ ਨੇ ਵਿਸ਼ੇਸ ਚੈਕਿੰਗ ਮੁਹਿੰਮ ਆਰੰਭਕੇ 35 ਵਾਹਨਾਂ ਦੇ ਚਲਾਨ ਕੱਟੇ ਅਤੇ ਕਰੀਬ 07 ਲੱਖ 50 ਹਜਾਰ ਦੀ ਰਾਸ਼ੀ ਬਤੌਰ ਜੁਰਮਾਨਾ ਵਸੂਲੀ

ਮਾਲੇਰਕੋਟਲਾ : (ਕਿਮੀ ਅਰੋੜਾ,ਅਸਲਮ ਨਾਜ਼)

ਸੁਰੱਖਿਅਤ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਟੇਟ ਟਰਾਂਸਪੋਰਟ ਕਮਿਸ਼ਨਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਡਾ ਪੱਲਵੀ ਦੀ ਯੋਗ ਅਗਵਾਈ ਅਧੀਨ ਰਿਜਨਲ ਟਰਾਂਸਪੋਰਟ ਅਫ਼ਸਰ ਕਮ ਸਹਾਇਕ ਕਮਿਸ਼ਨਰ ਮਾਲੇਰਕੋਟਲਾ ਗੁਰਮੀਤ ਕੁਮਾਰ ਬਾਂਸਲ ਨੇ ਵਿਸ਼ੇਸ ਚੈਕਿੰਗ ਮੁਹਿੰਮ ਆਰੰਭਕੇ ਅਧੂਰੇ ਕਾਗ਼ਜ਼ਾਂ ਵਾਲੇ ਵਾਹਨਾਂ, ਓਵਰ ਲੋਡਡ, ਓਵਰ ਹਾਈਟ(ਅਣਅਧਿਕਾਰਤ ਗੱਡੀ ਦੀ ਲੰਬਾਈ/ ਚੋੜਾਈ),ਬਿਨਾ ਪਰਮਿਟ ਪ੍ਰਦੂਸ਼ਣ, ਵਾਹਨ ਦੇ ਦਸਤਾਵੇਜ਼ ਨਾ ਹੋਣ, ਡਰਾਈਵਿੰਗ ਲਾਇਸੈਂਸ, ਓਵਰ ਸਪੀਡ ਆਦਿ ਦੇ 35 ਕਮਰਸ਼ੀਅਲ ਵਾਹਨਾਂ ਦੇ 07 ਲੱਖ 50 ਹਜਾਰ ਰੁਪਏ ਦੇ ਚਲਾਨ ਕੀਤੇ ।

ਇਸ ਮੌਕੇ ਗੈਰ ਰਸਮੀ ਗੱਲ ਕਰਦਿਆ ਉਨ੍ਹਾਂ ਕਿਹਾ ਕਿ ਸੜਕ ਸੁਰੱਖਿਆ ਨਿਯਮਾਂ ਦਾ ਪਾਲਣ ਕਰਨਾ ਸਾਡੇ ਸਾਰਿਆਂ ਦੀ ਨੈਤਿਕ ਜਿੰਮੇਵਾਰੀ ਹੈ । ਇਸ ਲਈ ਬੇਹੱਦ ਜ਼ਰੂਰੀ ਹੈ ਕਿ ਅਸੀ ਸੁਰੱਖਿਆ ਲਈ ਬਣਾਏ ਗਏ ਨਿਯਮਾਂ ਦੀ ਪਾਲਣਾ ਕਰੀਏ ਅਤੇ ਦੂਜਿਆ ਨੂੰ ਵੀ ਸੜਕੀ ਨਿਯਮਾਂ ਪ੍ਰਤੀ ਜਾਗਰੂਕ ਕਰੀਏ । ਚਲਾਨ ਕੱਟਣ ਦਾ ਮਕਸਦ ਕੇਵਲ ਟਰੈਫ਼ਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਲੋਕਾਂ ਨੂੰ ਅਹਿਸਾਸ ਕਰਵਾਉਣਾ ਹੈ ਤਾਂ ਜੋ ਉਹ ਭਵਿੱਖ ਵਿੱਚ ਅਜਿਹਾ ਨਾ ਕਰਨ। ਉਨ੍ਹਾਂ ਹੋਰ ਕਿਹਾ ਕਿ ਆਵਾਜਾਈ ਨਿਯਮਾਂ ਦੀ ਪਾਲਣਾ ਕਰਕੇ ਅਸੀਂ ਕੀਮਤੀ ਜਾਨਾਂ ਨੂੰ ਬਚਾ ਸਕਦੇ ਹਾਂ। ਇਸ ਮੌਕੇ ਉਨ੍ਹਾਂ ਵਾਹਨ ਚਾਲਕਾਂ ਨੂੰ ਪ੍ਰੇਰਿਤ ਕੀਤਾ ਕਿ ਉਹ ਆਪਣੇ ਵਾਹਨਾਂ ਤੇ ਰਿਫ਼ਲੈਕਟਰ ਜ਼ਰੂਰ ਲਗਾਉਣ ਤਾਂ ਜੋ ਰਾਤ ਦੇ ਸਮੇਂ ਸੜਕਾਂ ਤੇ ਹੋਣ ਵਾਲੇ ਹਾਦਸਿਆਂ ਤੋਂ ਬਚਿਆ ਜਾ ਸਕੇ। ਉਨ੍ਹਾਂ ਵਾਹਨ ਚਾਲਕਾਂ ਨੂੰ ਹੋਰ ਕਿਹਾ ਕਿ ਉਹ ਅਨੀਂਦਰੇ , ਸਰਾਬ ਆਦਿ ਦੇ ਨਸੇ ਕਰਕੇ ਵਾਹਨ



ਚਲਾਉਂਣ ਤੋਂ ਗੁਰੇਜ ਕਰਨ ।ਉਨ੍ਹਾਂ ਦੀ ਛੋਟੀ ਅਣਗਹਿਲੀ ਵੀ ਕਿਸੇ ਵੱਡੀ ਦੁਰਘਟਨਾ ਦਾ ਕਾਰਨ ਬਣ ਸਕਦੀ ਹੈ। ਇਸ ਲਈ ਨਸ਼ੇ ਦੀ ਹਾਲਤ ਵਿੱਚ ਕਦੇ ਵੀ ਡਰਾਈਵਿੰਗ ਨਾ ਕਰਨ ।

ਉਨ੍ਹਾਂ ਆਮ ਜਨਤਾ ਅਪੀਲ ਕੀਤੀ ਕਿ ਜੇਕਰ ਜ਼ਿਲ੍ਹੇ ਦੀਆਂ ਸੜਕਾਂ ਉੱਤੇ ਕੋਈ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਦਾ ਵਾਹਨ ਨਜ਼ਰ ਆਉਂਦਾ ਹੈ ਤਾਂ ਉਸ ਦੀ ਜਾਣਕਾਰੀ ਆਰ.ਟੀ.ਓ. ਦਫ਼ਤਰ ਵਿਖੇ ਦੇ ਸਕਦੇ ਹਨ । ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ ।

ਰੋਜ਼ਾਨਾ ਲੋਕ ਬਾਣੀ www.lokbani

# ਰਾਮਲੀਲਾ ਦੇ ਛੇਵੇਂ ਦਿਨ ਬਨਵਾਸ ਲੀਲਾ ਦਿਖਾਈ ਗਈ



ਮਾਲੇਰਕੋਟਲਾ (ਕਿਮੀ ਅਰੋੜਾ,ਅਸਲਮ ਨਾਜ਼) ਸ੍ਰੀ ਰਾਮਲੀਲਾ ਗੋਪਾਲ ਸੰਕੀਰਤਨ ਮੰਡਲ ਵੱਲੋਂ ਕਰਵਾਈ ਜਾ ਰਹੀ ਰਾਮਲੀਲਾ ਦੇ ਛੇਵੇਂ ਦਿਨ ਰਾਮ ਦੇ ਬਨਵਾਸ ਦੀ ਲੀਲਾ ਦਿਖਾਈ ਗਈ, ਜਿਸ ਵਿੱਚ ਸ੍ਰੀ ਰਾਮ ਅਤੇ ਲਕਸ਼ਮਣ ਮਾਤਾ ਸੀਤਾ ਸਮੇਤ ਜੰਗਲ ਵਿੱਚ ਚਲੇ ਗਏ, ਕੌਸ਼ੱਲਿਆ ਮਾਤਾ ਰੋਣ ਲੱਗੀ, ਅਯੁੱਧਿਆ ਵਾਸੀਆਂ ਨੇ ਵੰਨ ਕੋ ਚਲੋ ਜੀ ਮੇਰੇ ਵੀਰ, ਐ ਲਕਸ਼ਣ ਜੀ ਆਦਿ ਵਿਰਾਗਮਈ ਗੀਤਾਂ ਨੂੰ ਦੇਖ ਕੇ ਰਾਮਲੀਲਾ ਦੇਖਣ ਆਏ ਦਰਸ਼ਕਾਂ ਦੀਆਂ ਅੱਖਾਂ ਚ ਹੰਝੂ ਆ ਗਏ। ਭਗਵਾਨ ਸ੍ਰੀ ਰਾਮ, ਸੀਤਾ ਲਕਸ਼ਣ ਜੀ ਬਨਵਾਸ ਵਿੱਚ ਚਲੇ ਗਏ ਅਤੇ ਮੁਹੱਲਾ ਤਪਾ ਚ ਧਰਮਿੰਦਰ ਧੀਮਾਨ ਪੱਪੂ ਦੇ ਘਰ ਪਹੁੰਚੇ, ਜਿੱਥੇ ਕੀਰਤਨ ਮਈ ਭਜਨ ਗਾਏ ਗਏ ਬੋਲ ਕਾਗਾ ਮੇਰੇ ਰਾਮ, ਰਾਮ ਆਜ ਰਹੋ ਵਰਗੇ ਭਜਨਾਂ ਨਾਲ ਕੀਰਤਨ ਕੀਤਾ ਗਿਆ। ਧੀਮਾਨ ਪਰਿਵਾਰ ਵੱਲੋਂ ਆਰਤੀ ਕੀਤੀ ਗਈ ਅਤੇ ਪ੍ਰਸ਼ਾਦ ਰੂਪੀ ਭੰਡਾਰਾ ਵਰਤਾਇਆ ਗਿਆ। ਸ੍ਰੀ ਗੋਪਾਲ ਸੰਕੀਰਤਨ ਮੰਡਲ ਵੱਲੋਂ ਧੀਮਾਨ ਪਰਿਵਾਰ ਦਾ ਧੰਨਵਾਦ ਕੀਤਾ ਗਿਆ।

ਰੋਜ਼ਾਨਾ ਲੋਕ ਬਾਣੀ www.lokbani

# ਜੰਗਲੀ ਜੀਵ ਕੁਦਰਤ ਦੀ ਅਨਮੋਲ ਵਿਰਾਸਤ ਹੈ: ਕਿਰਨ ਧਸਮਾਨਾ




ਚੰਡੀਗੜ੍ਹ। (ਲੋਕ ਬਾਣੀ) ਵਾਤਾਵਰਣ ਵਿਭਾਗ ਚੰਡੀਗੜ੍ਹ ਪ੍ਰਸ਼ਾਸਨ ਦੇ ਸਹਿਯੋਗ ਨਾਲ ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ ਦਰਿਆ ਵਿਖੇ ਕਰਵਾਏ ਗਏ ਜੰਗਲੀ ਜੀਵ ਸਪਤਾਹ-2024 ਦੌਰਾਨ ਵਿਸ਼ਾ ਮਾਹਿਰ ਕਿਰਨ ਧਸਮਾਨਾ ਨੇ ਕਿਹਾ ਕਿ ਜੰਗਲਾਂ ਤੋਂ ਬਿਨਾਂ ਜੰਗਲੀ ਜੀਵਾਂ ਦੀ ਹੋਂਦ ਸੰਭਵ ਨਹੀਂ ਹੈ। ਜੰਗਲ ਜਿੱਥੇ ਵਾਤਾਵਰਨ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਂਦੇ ਹਨ, ਉੱਥੇ ਜਾਨਵਰ ਵੀ ਵਾਤਾਵਰਨ ਦੀ ਖ਼ੂਬਸੂਰਤ ਪੇਸ਼ਕਾਰੀ ਦਿੰਦੇ ਹਨ। ਇਨ੍ਹਾਂ ਤੋਂ ਬਿਨਾਂ ਮਨੁੱਖੀ ਜੀਵਨ ਨੀਰਸ ਅਤੇ ਅਧੂਰਾ ਹੈ। ਜੰਗਲੀ ਜਾਨਵਰਾਂ ਦੀਆਂ ਪ੍ਰਜਾਤੀਆਂ ਦੇ ਖ਼ਤਮ ਹੋਣ ਦਾ ਮੁੱਖ ਕਾਰਨ ਰੁੱਖਾਂ ਦੀ ਲਗਾਤਾਰ ਕਟਾਈ ਅਤੇ ਜੰਗਲਾਂ ਵਿੱਚ ਸ਼ਿਕਾਰ ਕਰਨਾ ਹੈ। ਸੁਆਰਥ ਕਾਰਨ ਮਨੁੱਖ ਆਪਣੀ ਫਰ, ਚਮੜੀ, ਦੰਦਾਂ ਅਤੇ ਹੱਡੀਆਂ ਲਈ ਜਾਨਵਰਾਂ ਦਾ ਸ਼ਿਕਾਰ ਕਰ ਰਿਹਾ ਹੈ। ਇਸ ਕਾਰਨ ਜੰਗਲੀ ਜਾਨਵਰਾਂ ਦਾ ਜੀਵਨ ਅਸੁਰੱਖਿਅਤ ਹੈ। ਜੰਗਲੀ ਜੀਵ ਕੁਦਰਤ ਦੀ ਅਨਮੋਲ ਵਿਰਾਸਤ ਹੈ। ਇਸ ਨੂੰ ਸੰਭਾਲਣਾ ਬਹੁਤ ਜ਼ਰੂਰੀ ਹੈ। ਜੰਗਲ ਜੰਗਲੀ ਜਾਨਵਰਾਂ ਨੂੰ ਰਿਹਾਇਸ਼ ਪ੍ਰਦਾਨ ਕਰਦੇ ਹਨ। ਉਨ੍ਹਾਂ ਕਿਹਾ ਕਿ ਈਕੋ ਕਲੱਬ ਦੇ ਵਿਦਿਆਰਥੀ ਜੰਗਲੀ ਜੀਵਾਂ ਨੂੰ ਬਚਾਉਣ ਲਈ ਲੋਕਾਂ ਨੂੰ ਜਾਗਰੂਕ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ। ਇਸ ਮੌਕੇ ਵਾਈਸ ਪ੍ਰਿੰਸੀਪਲ ਅੰਜੂ ਮੌਦਗਿਲ ਨੇ ਕਿਹਾ ਕਿ ਵਣ ਜੀਵ ਸਪਤਾਹ ਦੇ ਆਯੋਜਨ ਦਾ ਮੁੱਖ ਮੰਤਵ ਦੁਰਲੱਭ ਜੰਗਲੀ ਪ੍ਰਜਾਤੀਆਂ ਨੂੰ ਬਚਾਉਣਾ ਹੀ ਨਹੀਂ ਸਗੋਂ ਵੱਧ ਤੋਂ ਵੱਧ ਰੁੱਖ ਅਤੇ ਪੌਦੇ ਲਗਾ ਕੇ ਜੰਗਲੀ ਖੇਤਰਾਂ ਦਾ ਦਾਇਰਾ ਵਧਾਉਣਾ ਹੈ। ,

ਰੋਜ਼ਾਨਾ ਲੋਕ ਬਾਣੀ www.lokbani

# ਸਰਬ ਨੌਜਵਾਨ ਸਭਾ ਨੇ ਕਰਵਾਇਆ 8 ਜੋੜਿਆਂ ਦਾ ਸਮੂਹਿਕ ਆਨੰਦ ਕਾਰਜ,

ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਸਰਬ ਨੌਜਵਾਨ ਸਭਾ ਅਤੇ ਸਰਬ ਨੌਜਵਾਨ ਵੈਲਫੇਅਰ ਸੋਸਾਇਟੀ (ਰਜਿ.) ਫਗਵਾੜਾ ਵੱਲੋਂ ਚੜ੍ਹਦੀ ਕਲਾ ਸਿੱਖ ਆਰਗੇਨਾਈਜੇਸ਼ਨ ਯੂ.ਕੇ ਦੇ ਸਹਿਯੋਗ ਨਾਲ ਸਭਾ ਦੇ ਮੁੱਖ ਸਰਪ੍ਰਸਤ ਸਤਪਾਲ ਲਾਂਬਾ ਦੇ ਅਸ਼ੀਰਵਾਦ ਅਤੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਦੇਖ-ਰੇਖ ਹੇਠ 34ਵੇਂ ਸਲਾਨਾ ਸਮਾਗਮ ਤਹਿਤ ਅੱਠ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦਾ ਸਮੂਹਿਕ ਆਨੰਦ ਕਾਰਜ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਫਗਵਾੜਾ ਵਿਖੇ ਕਰਵਾਇਆ ਗਿਆ। ਵਿਆਹ ਦੌਰਾਨ ਗਿਆਨੀ ਨਰਿੰਦਰ ਸਿੰਘ ਅਤੇ ਗਿਆਨੀ ਸੰਦੀਪ ਸਿੰਘ ਨੇ ਲਾਵਾਂ ਦੀ ਰਸਮ ਪੂਰੀ ਕਰਵਾਈ। ਇਸ ਵਿਆਹ ਸਮਾਗਮ ਵਿੱਚ ਨਵ-ਵਿਆਹੇ ਜੋੜਿਆਂ ਨੂੰ ਅਸ਼ੀਰਵਾਦ ਦੇਣ ਲਈ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਕੈਂਥ ਅਤੇ ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਅਨੀਤਾ ਕੈਂਥ ਤੋਂ ਇਲਾਵਾ ਦਸੂਹਾ ਦੇ ਵਿਧਾਇਕ ਕਰਮਬੀਰ ਸਿੰਘ ਘੁੰਮਣ, ਫਗਵਾੜਾ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ, ਐੱਸ.ਸੀ. ਕਮਿਸ਼ਨ ਦੇ ਸਾਬਕਾ ਕੌਮੀ ਚੇਅਰਮੈਨ ਵਿਜੇ ਸਾਂਪਲਾ, ਉਦਯੋਗਪਤੀ ਕੇ. ਦੇ. ਸਰਦਾਨਾ, ਆਮ ਆਦਮੀ ਪਾਰਟੀ ਹਲਕਾ ਵਿਧਾਨ ਸਭਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ, ਮਾਰਕੀਟ ਕਮੇਟੀ ਫਗਵਾੜਾ ਦੇ ਚੇਅਰਮੈਨ ਤਵਿੰਦਰ ਰਾਮ, ਪਾਵਰਕਾਮ ਦੇ ਉਪ ਮੁੱਖ ਇੰਜੀਨੀਅਰ ਪਵਨ ਕੁਮਾਰ ਬੀਸਲਾ ਅਤੇ ਏ.ਡੀ.ਸੀ. ਫਗਵਾੜਾ ਅਨੁਪਮ ਕਲੇਰ ਵਿਸ਼ੇਸ਼ ਤੌਰ 'ਤੇ ਹਾਜ਼ਰ ਆਏ। ਸਮੂਹ ਪਤਵੰਤਿਆਂ ਨੇ ਨਵ-ਵਿਆਹੇ ਜੋੜਿਆਂ ਨੂੰ ਅਸ਼ੀਰਵਾਦ ਦਿੱਤਾ ਏ.ਡੀ. ਸੀ. ਅਨੁਪਮ ਕਲੇਰ ਨੇ ਕਿਹਾ ਕਿ ਮਾਂ-ਬਾਪ ਨੂੰ ਹਮੇਸ਼ਾ ਆਪਣੀ ਧੀ ਦੇ ਵਿਆਹ ਦੀ ਚਿੰਤਾ ਰਹਿੰਦੀ ਹੈ। ਇਸ ਲਈ ਧੀਆਂ ਦਾ ਵਿਆਹ ਮਾਪਿਆਂ ਲਈ ਜ਼ਿੰਦਗੀ ਦਾ ਸਭ ਤੋਂ ਖੁਸ਼ਹਾਲ ਪਲ ਹੁੰਦਾ ਹੈ। ਉਨ੍ਹਾਂ ਸਭਾ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਧੀਆਂ ਦੇ ਵਿਆਹ ਕਰਵਾਉਣਾ ਬਹੁਤ ਹੀ ਨੇਕ ਕਾਰਜ ਹੈ ਜਿਸ ਨਾਲ ਲੋੜਵੰਦ ਪਰਿਵਾਰਾਂ ਦਾ ਭਾਰੀ ਬੋਝ ਘਟ ਜਾਂਦਾ ਹੈ ਇਸ ਨੇਕ ਕਾਰਜ ਲਈ ਉਹ ਸਰਬ ਨੌਜਵਾਨ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਸਮੇਤ ਇਸ ਸੰਸਥਾ ਨਾਲ ਜੁੜੇ ਸਮੂਹ ਕਾਰਕੁੰਨਾ ਨੂੰ ਤਹਿ ਦਿਲੋਂ ਵਧਾਈ ਦਿੰਦੇ ਹਨ ਇਸ ਦੌਰਾਨ ਨਵ-ਵਿਆਹੇ ਜੋੜਿਆਂ ਨੂੰ ਅਸ਼ੀਰਵਾਦ ਦੇਣ ਲਈ ਸੰਤ ਸਮਾਜ ਤੋਂ ਸੰਤ ਗੁਰਚਰਨ ਸਿੰਘ ਨਿਰਮਲ ਕੁਟੀਆ ਛੰਬ ਵਾਲੀ ਪੰਡਵਾ, ਸਾਈਂ ਪੱਪਲ ਸ਼ਾਹ ਭਰੋਮਜਾਰਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਤੋਂ ਇਲਾਵਾ ਪ੍ਰਵਾਸੀ ਭਾਰਤੀ ਸੁਰਿੰਦਰ ਮਹੇ ਯੂ.ਐਸ.ਏ., ਹਰਜਿੰਦਰ ਕੁਮਾਰ ਕੰਡਾ ਫਰਾਂਸ, ਵਿਪਨ ਚੁੰਬਰ ਅਮਰੀਕਾ, ਗੁਰਦੇਵ ਸਿੰਘ ਬੰਨਿੰਗ ਯੂ.ਕੇ ਅਤੇ ਬੈਲਜੀਅਮ ਤੋਂ ਪਲਵਿੰਦਰ ਕੌਰ ਭੋਗਲ ਨੇ ਵੀ ਆਪਣੀ ਵਿਸ਼ੇਸ਼ ਹਾਜ਼ਰੀ ਦਰਜ ਕਰਵਾ ਕੇ ਸਮਾਗਮ ਦੀ ਰੌਣਕ ਵਧਾਈ। ਨਵ ਵਿਆਹੇ ਜੋੜਿਆਂ ਨੂੰ ਸਰਟੀਫਿਕੇਟਾਂ ਤੋਂ ਇਲਾਵਾ ਸੁੰਦਰ ਤੋਹਫ਼ੇ, ਗਹਿਣੇ, ਸ਼ਗਨ ਅਤੇ ਘਰੇਲੂ ਸਮਾਨ ਭੇਂਟ ਕੀਤਾ ਗਿਆ। ਮੰਚ ਦਾ ਸੰਚਾਲਨ ਕਰਦੇ



ਹੋਏ ਲੈਕਚਰਾਰ ਹਰਜਿੰਦਰ ਗੋਗਨਾ ਨੇ ਦੱਸਿਆ ਕਿ 13 ਅਕਤੂਬਰ ਦਿਨ ਐਤਵਾਰ ਨੂੰ ਸਵੇਰੇ 10 ਤੋਂ 1 ਵਜੇ ਤੱਕ ਖੇੜਾ ਰੋਡ ਫਗਵਾੜਾ ਵਿਖੇ ਮਹਾਂਮਾਈ ਦੀ ਚੌਂਕੀ ਕਰਵਾਈ ਜਾਵੇਗੀ। ਜਿਸ ਵਿੱਚ ਇਹ ਨਵ-ਵਿਆਹੇ ਜੋੜੇ ਮਹਾਮਾਈ ਦਾ ਆਸ਼ੀਰਵਾਦ ਲੈਣ ਲਈ ਹਾਜ਼ਰ ਰਹਿਣਗੇ। ਭੰਡਾਰੇ ਦੀ ਸੇਵਾ ਵੀ ਅਟੁੱਟ ਵਰਤਾਈ ਜਾਵੇਗੀ।

ਵਿਆਹ ਸਮਾਗਮ ਵਿੱਚ ਇਹ ਪਤਵੰਤੇ ਵੀ ਰਹੇ ਹਾਜਰ

ਸਮੂਹਿਕ ਵਿਆਹ ਸਮਾਗਮ ਵਿੱਚ ਸੁਸ਼ੀਲ ਲਤਾ ਭਾਟੀਆ ਸਾਬਕਾ ਸੀ.ਡੀ.ਪੀ.ਓ. ਫਗਵਾੜਾ, 'ਆਪ' ਪਾਰਟੀ ਦੇ ਜ਼ਿਲ੍ਹਾ ਕੈਸ਼ੀਅਰ ਅਸ਼ੋਕ ਭਾਟੀਆ, ਜ਼ਿਲ੍ਹਾ ਸਕੱਤਰ ਡਾ: ਜਤਿੰਦਰ ਸਿੰਘ ਪਰਹਾਰ, ਜ਼ਿਲ੍ਹਾ ਕਪੂਰਥਲਾ ਐਸ. ਸੀ. ਵਿੰਗ ਦੇ ਪ੍ਰਧਾਨ ਸੰਤੋਸ਼ ਕੁਮਾਰ ਗੋਗੀ, ਦਵਿੰਦਰ ਕੁਲਥਮ, ਹਰਦੀਪ ਕੁਮਾਰ ਵਧੀਕ ਐਸ.ਈ ਪਾਵਰਕਾਮ ਫਗਵਾੜਾ, ਅਮਰਪ੍ਰੀਤ ਸਿੰਘ ਐਕਸੀਅਨ. ਤਰਨਤਾਰਨ, ਮਲਕੀਤ ਚੰਦ ਪੰਚਾਇਤ ਸਕੱਤਰ, ਕਿਸਾਨ ਆਗੂ ਕੁਲਵਿੰਦਰ ਸਿੰਘ ਕਾਲਾ, ਜਤਿੰਦਰ ਸਿੰਘ ਕੁੰਦੀ ਸਨਅਤਕਾਰ, ਸਤਨਾਮ ਸਿੰਘ ਰਾਣਾ ਸਨਅਤਕਾਰ, ਹੁਸਨ ਲਾਲ ਸਾਬਕਾ ਕੌਂਸਲਰ, ਗੁਲਜ਼ਾਰ ਸਿੰਘ ਸਾਬਕਾ ਸਰਪੰਚ ਅਕਾਲਗੜ੍ਹ, ਬਲਜਿੰਦਰ ਸਿੰਘ ਸਾਬਕਾ ਸਰਪੰਚ ਫਤਿਹਗੜ੍ਹ, ਓਮ ਪ੍ਰਕਾਸ਼ ਸਾਬਕਾ ਸਰਪੰਚ ਵਜੀਦੋਵਾਲ, ਇੰਦਰਜੀਤ ਕਾਲੜਾ, ਅਵਤਾਰ ਸਿੰਘ ਮੰਡ, ਸ਼ਿਵ ਸੈਨਾ ਆਗੂ ਇੰਦਰਜੀਤ ਕਰਵਲ, ਰਮਨ ਨਹਿਰਾ, ਸਾਬਕਾ ਮੇਅਰ ਅਰੁਣ ਖੋਸਲਾ, ਮਲਕੀਅਤ ਸਿੰਘ ਰਘਬੋਤਰਾ, ਸਾਬਕਾ ਕੌਂਸਲਰ ਅਨੁਰਾਗ ਮਨਖੰਡ, ਸਰਬਜੀਤ ਕੌਰ, ਪਰਮਜੀਤ ਕੌਰ ਕੰਬੋਜ, ਰਾਜ ਕੁਮਾਰ ਗੁਪਤਾ, ਚੰਦਾ ਮਿਸ਼ਰਾ, ਬੰਟੀ ਵਾਲੀਆ, ਸੀਤਾ ਦੇਵੀ, ਜਸਵਿੰਦਰ ਕੌਰ, ਸੀਤਾ ਦੇਵੀ, ਓਮ ਪ੍ਰਕਾਸ਼ ਬਿੱਟੂ, ਸ਼ੀਤਲ ਕੋਹਲੀ, ਸਤੀਸ਼ ਬੱਗਾ, ਆਪ ਆਗੂ ਪ੍ਰਿਤਪਾਲ ਕੌਰ ਤੁਲੀ, ਗੁਰਮੀਤ ਪਲਾਹੀ, ਯੋਗਾ ਇੰਸਟ੍ਰਕਟਰ ਸਵਿਤਾ ਪਰਾਸ਼ਰ, ਜਨਕ ਪਲਾਹੀ, ਸਭਾ ਦੇ ਮੀਤ ਪ੍ਰਧਾਨ ਰਵਿੰਦਰ ਸਿੰਘ ਰਾਏ, ਜਗਜੀਤ ਸਿੰਘ ਸੇਠ, ਵਿਜੇ ਕੁਮਾਰ ਜਨਰਲ ਸਕੱਤਰ ਡਾ. ਕੁਲਦੀਪ ਸਿੰਘ, ਆਰ.ਪੀ.ਸ਼ਰਮਾ, ਰਾਕੇਸ਼ ਕੋਛੜ, ਨਰਿੰਦਰ ਸਿੰਘ ਸੈਣੀ, ਅਨੂਪ ਦੁੱਗਲ, ਸੁਰਿੰਦਰ ਬੱਧਨ, ਰਾਜ ਕੁਮਾਰ ਬਸਰਾ, ਸਾਹਿਬਜੀਤ ਸਾਬੀ, ਜਸ਼ਨ ਮਹਿਰਾ, ਰਾਜ ਕੁਮਾਰ, ਮਨਦੀਪ ਬਾਸੀ, ਸ਼ਿਵ ਕੁਮਾਰ, ਵਿੱਕੀ, ਪ੍ਰਮੋਦ ਜਲੋਟਾ, ਸੁਰਜੀਤ ਕੁਮਾਰ, ਅਸ਼ੋਕ ਸ਼ਰਮਾ, ਮਨਵੀਰ ਸਿੰਘ ਸ਼ੀਰਾ, ਪਰਵੀਨ ਬੁਲੀਨਾ, ਜਸਪਾਲ ਚੀਮਾ, ਮੈਡਮ ਮੈਡਮ ਰਮਨਦੀਪ ਕੌਰ, ਮੈਡਮ ਤਨੂ, ਮੈਡਮ ਸਪਨਾ ਸ਼ਾਰਦਾ, ਮੈਡਮ ਆਸ਼ੂ ਬੱਗਾ, ਗੁਰਦੀਪ ਸਿੰਘ ਤੁਲੀ, ਜਿਨੇਸ਼ ਜੈਨ, ਸੋਨੂੰ ਮਹਿਰਾ, ਜਸਵਿੰਦਰ ਕੁਮਾਰ, ਅਮਿਤ ਸਹਿਦੇਵ, ਰਾਜੂ ਬਜਾਜ, ਸੌਰਵ ਰਾਹੀ, ਸੌਰਵ ਮੱਲ੍ਹਣ, ਲੱਕੀ, ਅੰਮ੍ਰਿਤ ਮਾਹਲ, ਰਣਵੀਰ ਸਿੰਘ ਢਿੱਲੋਂ, ਕਰਮਜੀਤ ਸਿੰਘ, ਚਰਨਪ੍ਰੀਤ ਸਿੰਘ, ਸੁਧਾ ਬੇਦੀ, ਸਰਬਰ ਗੁਲਾਮ ਸਾਬਾ, ਬੀ.ਐੱਚ. ਖਾਨ, ਲਾਇਨ ਗੁਰਦੀਪ ਸਿੰਘ ਕੰਗ, ਹਰਮੇਸ਼ ਪਾਠਕ, ਰਣਜੀਤ ਕੁਮਾਰ ਪਾਬਲਾ, ਵਿਜੇ ਬੰਗਾ, ਸੁਰਿੰਦਰ ਢੰਡਾ, ਬਲਵਿੰਦਰ ਬੱਬੀ, ਇੰਦਰਜੀਤ ਕਾਲੜਾ, ਅਮਿਤ ਕਪੂਰ, ਰਾਜ ਕੁਮਾਰ ਕਨੌਜੀਆ, ਮਨੀਸ਼ ਕਨੌਜੀਆ, ਇੰਸਪੈਕਟਰ ਸੁਰਜੀਤ ਸਿੰਘ ਪੱਡਾ ਪੰਜਾਬ ਪੁਲਿਸ, ਜੀ.ਆਰ.ਪੀ. ਫਗਵਾੜਾ ਦੇ ਸਾਬਕਾ ਇੰਚਾਰਜ ਗੁਰਭੇਜ ਸਿੰਘ ਐਸ.ਆਈ., ਸੋਨੂੰ ਭਗਤ, ਰਮੇਸ਼ ਸਚਦੇਵਾ, ਸੁਰਿੰਦਰ ਚੋਪੜਾ, ਸੁਭਾਸ਼ ਕਵਾਤਰਾ, ਰਘਵੀਰ ਕੌਰ ਕਨਵੀਨਰ ਇਸਤਰੀ ਵਿੰਗ, ਬਲਦੇਵ ਕੋਮਲ, ਸੁਖਦੇਵ ਗੰਡਮ, ਹਰਚਰਨ ਭਾਰਤੀ, ਰਾਜੇਸ਼ ਅਧਿਆਏ, ਗੁਰਪ੍ਰੀਤ ਪ੍ਰੀਤੀ, ਵਰਿੰਦਰ ਸਿੰਘ ਕੰਬੋਜ, ਸਵਰਨ ਸਿੰਘ, ਜੀਵਨ ਕੁਮਾਰ ਆਦਿ ਹਾਜ਼ਰ ਸਨ

ਰੋਜ਼ਾਨਾ ਲੋਕ ਬਾਣੀ www.lokbani

# ਅਕਾਲੀ ਦਲ ਤੇ 'ਆਪ' ਨੂੰ ਅਲਵਿਦਾ ਆਖ ਹਸਨਪੁਰ-ਸੰਦਲਪੁਰ ਤੇ ਵਜ਼ੀਰਪੁਰ ਦੇ ਸੈਕਡੇ ਪਰਿਵਾਰ ਕਾਂਗਰਸ 'ਚ ਸ਼ਾਮਲ

ਦੀਨਾਨਗਰ,( ਡਾ.ਰਮੇਸ਼ ਸਰੰਗਲ )ਪੰਚਾਇਤੀ ਚੋਣਾਂ ਵਿੱਚ ਕਾਂਗਰਸ ਪਾਰਟੀ ਪ੍ਰਤੀ ਵਿਸ਼ਵਾਸ ਜਤਾਉਂਦਿਆਂ ਅੱਜ ਪਿੰਡ ਹਸਨਪੁਰ-ਸੰਦਲਪੁਰ ਅਤੇ ਵਜ਼ੀਰਪੁਰ ਦੇ ਸੈਕਡ ਪਰਿਵਾਰ ਕਾਂਗਰਸ ਵਿੱਚ ਸ਼ਾਮਲ ਹੋ ਗਏ। ਇਹ ਤਮਾਮ ਪਰਿਵਾਰ ਪਿਛਲੇ ਕਈ ਸਾਲਾਂ ਤੋਂ 'ਆਪ' ਅਤੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਨਾਲ ਚੱਲਦੇ ਆ ਰਹੇ ਸਨ ਪਰ ਅੱਜ ਇਨ੍ਹਾਂ ਲੋਕਾਂ ਨੇ ਸਾਂਝੀ ਇਕੱਤਰਤਾ ਕਰਦਿਆਂ ਕਾਂਗਰਸੀ ਉਮੀਦਵਾਰ ਨੂੰ ਸਮਰਥਨ ਕਰਨ ਦਾ ਐਲਾਨ ਕਰ ਦਿੱਤਾ। ਇਸ ਮੌਕੇ ਵਿਧਾਇਕਾ ਅਰੁਣਾ ਚੌਧਰੀ ਅਤੇ ਸੀਨੀਅਰ ਕਾਂਗਰਸ ਨੇਤਾ ਅਸ਼ੋਕ ਚੌਧਰੀ ਨੇ ਵੱਖ ਵੱਖ ਪਾਰਟੀਆਂ 'ਚੋਂ ਆਏ ਇਨ੍ਹਾਂ ਪਰਿਵਾਰਾਂ ਨੂੰ ਸਿਰੋਪੇ ਪਹਿਨਾ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਕੀਤਾ। ਅਰੁਣਾ ਚੌਧਰੀ ਨੇ ਕਿਹਾ ਕਿ ਲੋਕ ਸਭਾ ਚੋਣਾਂ ਤੋਂ ਬਾਅਦ ਹੁਣ ਪੰਚਾਇਤੀ ਚੋਣਾਂ ਵਿੱਚ ਸੂਬੇ ਦੀ ਜਨਤਾ ਕਾਂਗਰਸ ਪਾਰਟੀ ਨੂੰ ਅੱਗੇ ਲਿਆਉਣ ਦਾ ਮਨ ਬਣਾ ਚੁੱਕੀ ਹੈ ਅਤੇ ਇਸੇ ਕਰਕੇ ਹਰ ਦਿਨ ਕਿਸੇ ਨਾ ਕਿਸੇ ਪਿੰਡ ਵਿੱਚੋਂ ਵੱਡੀ ਗਿਣਤੀ ਲੋਕ ਸੱਤਾਧਾਰੀਆਂ ਨੂੰ ਛੱਡ ਕੇ ਕਾਂਗਰਸ ਨਾਲ ਜੁੜ ਰਹੇ ਹਨ।



ਸਾਬਕਾ ਕੈਬਨਿਟ ਮੰਤਰੀ ਨੇ ਕਿਹਾ ਕਿ ਕਾਂਗਰਸ ਪਾਰਟੀ ਹੋਰਨਾਂ ਪਾਰਟੀਆਂ ਵਾਂਗ ਨਾ ਤਾਂ ਝੂਠੇ ਵਾਅਦੇ ਕਰਦੀ ਹੈ ਅਤੇ ਨਾ ਹੀ ਕਿਸੇ ਨੂੰ ਸਬਜ਼ਬਾਗ਼ ਦਿਖਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਬਦਲਾਅ ਦਾ ਝੂਠਾ ਨਾਅਰਾ ਮਾਰ ਕੇ ਸੱਤਾ ਹਥਿਆਉਣ ਵਾਲੀ ਪਾਰਟੀ ਨੂੰ ਲੋਕ ਹੁਣ ਮੂੰਹ ਲਗਾਉਣ ਨੂੰ ਤਿਆਰ ਨਹੀਂ ਹਨ। ਕਾਂਗਰਸ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਚੌਧਰੀ ਨੇ ਕਿਹਾ ਕਿ ਪੰਚਾਇਤੀ ਚੋਣਾਂ ਕਰਵਾਉਣ ਨੂੰ ਲੈ ਕੇ ਪੰਜਾਬ ਸਰਕਾਰ ਬਿਲਕੁੱਲ ਵੀ ਗੰਭੀਰ ਨਹੀਂ ਸੀ ਪਰ ਹਾਈਕੋਰਟ ਦੇ ਹੁਕਮਾਂ 'ਤੇ ਉਸਨੂੰ ਮਜਬੂਰੀਵੱਸ ਚੋਣਾਂ ਕਰਵਾਉਣੀਆਂ ਪੈ ਰਹੀਆਂ ਹਨ। ਕਿਉਂਕਿ ਸਰਕਾਰ ਜਾਣਦੀ ਹੈ ਕਿ ਪਿੰਡਾਂ ਅੰਦਰ 'ਆਪ' ਪਾਰਟੀ ਦਾ ਗਰਾਫ਼ ਕਾਫ਼ੀ ਹੇਠਾਂ ਡਿੱਗ ਚੁੱਕਾ ਹੈ ਅਤੇ ਸੱਤਾ ਵਿੱਚ ਹੋਣ ਦੇ ਬਾਵਜੂਦ ਉਹ ਇਹ ਚੋਣਾਂ ਇਮਾਨਦਾਰੀ ਨਾਲ ਨਹੀਂ ਜਿੱਤ ਸਕਣਗੇ। ਇਸ ਮੌਕੇ ਸਾਬਕਾ ਸਰਪੰਚ ਵਰਿੰਦਰ ਨੌਸ਼ਹਿਰਾ, ਕਰਨੈਲ ਸਿੰਘ, ਜ਼ੋਨ ਇੰਚਾਰਜ ਦਿਨੇਸ਼ ਕਾਨਹਾ, ਹਰਬੰਸ ਸਿੰਘ ਸ਼੍ਰੀਰਾਮਪੁਰ, ਅਜੀਤ ਸਿੰਘ ਠੱਠੀ, ਨਰਿੰਦਰ ਸਿੰਘ ਫਰੀਦਪੁਰ, ਅਨੈਬ ਸਿੰਘ, ਜਤਿੰਦਰ ਸਿੰਘ ਜੈਨਪੁਰ, ਨਿਰੰਜਨ ਸਿੰਘ ਠਾਕੁਰਪੁਰ, ਪਿਆਰਾ ਸਿੰਘ ਮਿਆਣੀ ਮਲਾਹ, ਸੀਤਾ ਹਸਨਪੁਰ, ਗੁਰਬਚਨ ਸਿੰਘ ਨਰੰਗਪੁਰ ਅਤੇ ਤਿਲਕ ਰਾਜ ਠੱਠੀ ਤੋਂ ਇਲਾਵਾ ਵੱਡੀ ਗਿਣਤੀ ਲੋਕ ਹਾਜ਼ਰ ਸਨ।

# ਅੱਜ ਬਿਜਲੀ ਸਪਲਾਈ ਬੰਦ ਰਹੇਗੀ




ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): 132 ਕੇਵੀ ਗ੍ਰਿਡ ਸਬ- ਸਟੇਸ਼ਨ ਸ੍ਰੀ ਅਨੰਦਪੁਰ ਸਾਹਿਬ ਵਿਖੇ 132 ਕੇ ਵੀ ਬਸ- ਬਾਰ ਦੀ ਜ਼ਰੂਰੀ ਮੁਰੰਮਤ ਕਾਰਨ ਸਬ- ਸਟੇਸ਼ਨ ਤੋਂ ਚੱਲਦੇ ਸਾਰੇ 11 ਕੇਵੀ ਫੀਡਰਾਂ ਆਨੰਦਪੁਰ ਸਾਹਿਬ ਸ਼ਹਿਰੀ-1 ਅਤੇ ਸ਼ਹਿਰੀ-2, ਸਿਵਲ ਹੋਸਪਿਟਲ, ਢੇਰ, ਢਾਹੇ, ਲਮਲਹਿੜੀ, ਅਗੰਮਪੁਰ, ਚੰਡੇਸਰ, ਦਸਮੇਸ਼ ਅਕੈਡਮੀ ਅਤੇ ਕੋਟਲਾ ਫੀਡਰ ਦੀ ਸਪਲਾਈ ਅੱਜ ਮਿਤੀ 08.10.2024 ਦਿਨ ਮੰਗਲਵਾਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਬੰਦ ਰਹੇਗੀ । ਜਿਸ ਕਰਕੇ ਆਨੰਦਪੁਰ ਸਾਹਿਬ ਸ਼ਹਿਰ, ਮੇਨ ਬਾਜ਼ਾਰ, ਵੀ ਆਈ ਪੀ ਰੋਡ, ਸਹੋਟਾ, ਮਟੌਰ, ਅਗੰਮਪੁਰ, ਗਰਾ, ਘਨਾਰੂ, ਲੋਧੀਪੁਰ, ਬੁਰਜ, ਨਿੱਕੂਵਾਲ, ਖਮੇੜਾ, ਮਹੈਣ, ਲਮਲੈਹੜੀ, ਬਣੀ, ਰਾਮਪੁਰ ਜੱਜਰ, ਮੋਹੀਵਾਲ ਝਿੰਜੜੀ, ਦਸਮੇਸ਼ ਅਕੈਡਮੀ, ਢੇਰ, ਗੰਗੂਵਾਲ ਮੋੜ, ਮਾਂਗੇਵਾਲ, ਗੰਭੀਰਪੁਰ, ਸਜਮੌਰ, ਬਾਸੋਵਾਲ,ਸੂਰੇਵਾਲ, ਢਾਹੇ , ਮਹਿਰੌਲੀ, ਚੰਡੇਸਰ, ਖਮੇੜਾ, ਹਰਸਾ ਬੇਲਾ, ਕ੍ਰਸ਼ਰ ਜ਼ੋਨ ਆਦਿ ਏਰੀਏ ਦੀ ਸਪਲਾਈ ਪ੍ਰਭਾਵਿਤ ਹੋਵੇਗੀ। ਕੰਮ ਅਨੁਸਾਰ ਇਹ ਸਮਾਂ ਘੱਟ - ਵੱਧ ਵੀ ਸੱਕਦਾ ਹੈ। ਇਸ ਲਈ ਖਪਤਕਾਰਾਂ ਵੱਲੋਂ ਲੋੜੀਂਦੇ ਬਦਲਵੇਂ ਪ੍ਰਬੰਧ ਆਪਣੇ ਤੌਰ ਤੇ ਕਰ ਲਏ ਜਾਣ।

ਇਹ ਜਾਣਕਾਰੀ ਦਿੰਦੇ ਹੋਏ ਸਹਾਇਕ ਕਾਰਜਕਾਰੀ ਇੰਜੀਨੀਅਰ, ਪੀ.ਐਸ.ਪੀ ਸੀ.ਐਲ. ਸ੍ਰੀ ਅਨੰਦਪੁਰ ਸਾਹਿਬ ਵੱਲੋਂ ਇਸ ਦੌਰਾਨ ਪਬਲਿਕ ਕੋਲੋਂ ਸਹਿਯੋਗ ਦੀ ਅਪੀਲ ਕੀਤੀ ਗਈ।

# ਐਮ.ਪੀ ਔਜਲਾ ਅਜਨਾਲਾ ਦੇ ਸਰਕਾਰੀ ਹਸਪਤਾਲ ਦਾ ਅਚਨਚੇਤ ਨਿਰੀਖਣ ਕਰਨ ਪਹੁੰਚੇ

ਅੰਮ੍ਰਿਤਸਰ (ਲੋਕ ਬਾਣੀ) । ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਅੱਜ ਅਜਨਾਲਾ ਦੇ ਸਰਕਾਰੀ ਹਸਪਤਾਲ ਦਾ ਅਚਨਚੇਤ ਨਿਰੀਖਣ ਕਰਨ ਪੁੱਜੇ। ਜਿੱਥੇ ਡਾਕਟਰਾਂ ਲਈ ਤਰਸ ਰਹੇ ਮਰੀਜ਼ਾਂ ਦੀ ਹਾਲਤ ਜਾਣ ਕੇ ਸੰਸਦ ਮੈਂਬਰ ਔਜਲਾ ਨੇ ਗੁੱਸੇ ਵਿੱਚ ਆ ਕੇ ਸਰਕਾਰ ਨੂੰ ਕੋਸਿਆ। ਸੰਸਦ ਮੈਂਬਰ ਔਜਲਾ ਨੇ ਕਿਹਾ ਕਿ ਸਰਕਾਰ ਦੀਆਂ ਸਿਹਤ ਸੇਵਾਵਾਂ ਸਿਰਫ਼ ਇਸ਼ਤਿਹਾਰਾਂ ਵਿੱਚ ਹੀ ਚੱਲ ਰਹੀਆਂ ਹਨ ਜਦੋਂਕਿ ਜ਼ਮੀਨੀ ਪੱਧਰ 'ਤੇ ਸਿਹਤ ਸੇਵਾਵਾਂ ਪੂਰੀ ਤਰ੍ਹਾਂ ਠੱਪ ਹੋ ਕੇ ਰਹਿ ਗਈਆਂ ਹਨ।

ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਦੱਸਿਆ ਕਿ ਜਦੋਂ ਉਹ ਅਜਨਾਲਾ ਤੋਂ ਜਾ ਰਹੇ ਸਨ ਤਾਂ ਲੋਕਾਂ ਨੂੰ ਦੇਖ ਕੇ ਰੁਕ ਗਏ। ਜਦੋਂ ਉਹ ਹਸਪਤਾਲ ਪੁੱਜੇ ਤਾਂ ਲੋਕ ਬਿਨਾਂ ਡਾਕਟਰ ਤੋਂ ਕਾਫੀ ਪ੍ਰੇਸ਼ਾਨ ਸਨ। ਜਿਸ ਤੋਂ ਬਾਅਦ ਜਦੋਂ ਉਹ ਹਸਪਤਾਲ ਦੇ ਅੰਦਰ ਜਾ ਕੇ ਜਾਂਚ ਕੀਤੀ ਤਾਂ ਦੇਖਿਆ ਕਿ ਅੱਧੇ ਤੋਂ ਵੱਧ ਡਾਕਟਰ ਆਪਣੀ ਸੀਟ ਤੇ ਨਹੀਂ ਸਨ ਅਤੇ ਲੋਕ ਸਵੇਰ ਤੋਂ ਹੀ ਪਰਚੀ ਲੈ ਕੇ ਘੁੰਮ ਰਹੇ ਸਨ। ਇਸ ਦੇ ਨਾਲ ਹੀ ਹਸਪਤਾਲ ਦੇ ਬਾਥਰੂਮ ਵਿੱਚੋਂ ਬਦਬੂ ਆਉਣ ਕਾਰਨ ਉੱਥੇ ਖੜ੍ਹਨਾ ਵੀ ਔਖਾ ਹੋ ਗਿਆ ਸੀ, ਜਿਸ ਕਾਰਨ ਸੰਸਦ ਮੈਂਬਰ ਔਜਲਾ ਨੇ ਸਰਕਾਰ ਖ਼ਿਲਾਫ਼ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਸਿਰਫ਼ ਇਸ਼ਤਿਹਾਰਾਂ ਵਿੱਚ ਆਪਣੀ ਹੀ ਸ਼ਲਾਘਾ ਕਰ ਰਹੀ ਹੈ, ਮੁਹੱਲਾ ਕਲੀਨਿਕ ਦਿਖਾ ਕੇ ਲੋਕਾਂ ਨੂੰ ਮੂਰਖ ਬਣਾ ਰਹੀ ਹੈ। ਜਦੋਂ ਕਿ ਜ਼ਮੀਨੀ ਪੱਧਰ ਤੇ ਸਾਰੀਆਂ ਸਹੂਲਤਾਂ ਉਪਲਬਧ ਹਨ।

ਐਮਪੀ ਔਜਲਾ ਨੇ ਕਿਹਾ ਕਿ ਭਾਵੇਂ ਇੱਕ-ਦੋ ਮਰੀਜ਼ ਸ਼ਿਕਾਇਤ ਕਰਨ ਤਾਂ ਉਨ੍ਹਾਂ 'ਤੇ ਭਰੋਸਾ ਕੀਤਾ ਜਾ ਸਕਦਾ ਹੈ ਪਰ ਸਾਰੇ ਮਰੀਜ਼ ਸ਼ਿਕਾਇਤ ਕਰ ਰਹੇ ਹਨ ਕਿ ਡਾਕਟਰ ਨਹੀਂ ਹਨ, ਐਕਸਰੇ ਨਹੀਂ ਕੀਤੇ ਜਾ ਰਹੇ ਹਨ ਅਤੇ ਬਾਹਰੋਂ ਟੈਸਟ ਵੀ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਿਵਲ ਸਰਜਨ ਅਤੇ ਐਸ.ਐਮ.ਓ ਦੀ ਮਿਲੀਭੁਗਤ ਨਾਲ ਸਭ ਕੁਝ ਕੀਤਾ ਜਾ ਰਿਹਾ ਹੈ, ਜਦੋਂ ਕਿ ਜੇਕਰ ਕਿਸੇ ਕਿਸਮ ਦੀ ਕੋਈ ਸਮੱਸਿਆ ਆਉਂਦੀ ਹੈ ਤਾਂ ਉਹ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ ਪਰ ਲੋਕਾਂ ਨੂੰ ਸਹੂਲਤਾਂ ਨਹੀਂ ਦਿੱਤੀਆਂ ਜਾ ਰਹੀਆਂ। ਉਨ੍ਹਾਂ ਕਿਹਾ ਕਿ ਸਾਰਾ ਹਸਪਤਾਲ ਖਾਲੀ ਪਿਆ ਹੈ ਅਤੇ ਲੋਕ ਪ੍ਰਾਈਵੇਟ ਹਸਪਤਾਲਾਂ ਵਿੱਚ ਇਲਾਜ ਕਰਵਾਉਣ ਲਈ ਮਜਬੂਰ ਹਨ।ਐਮ.ਪੀ ਔਜਲਾ ਨੇ ਕਿਹਾ ਕਿ ਉਹ 10 ਅਕਤੂਬਰ ਨੂੰ ਸਵੇਰੇ 11 ਵਜੇ ਦੁਬਾਰਾ ਹਸਪਤਾਲ ਦਾ ਦੌਰਾ ਕਰਨਗੇ, ਜਿਸ ਦੌਰਾਨ ਸਿਵਲ ਸਰਜਨ, ਐਸ.ਐਮ.ਓ ਅਤੇ ਹਸਪਤਾਲ ਦੇ ਸਾਰੇ ਡਾਕਟਰ ਮੌਜੂਦ ਰਹਿਣਗੇ, ਉਨ੍ਹਾਂ ਲੋਕਾਂ ਨੂੰ ਉਸ ਦਿਨ ਉਨ੍ਹਾਂ ਕੋਲ ਆਉਣ ਦਾ ਸੱਦਾ ਵੀ ਦਿੱਤਾ। ਸੰਸਦ ਮੈਂਬਰ ਔਜਲਾ ਨੇ ਕਿਹਾ ਕਿ ਉਹ ਡਾਕਟਰਾਂ ਦੀਆਂ ਸਮੱਸਿਆਵਾਂ ਵੀ ਸੁਣਨਗੇ ਅਤੇ ਉਨ੍ਹਾਂ ਦਾ ਹੱਲ ਵੀ ਕਰਨਗੇ।









